SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 103 | Friday, May 26, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਸਕੂਲ ਵਿੱਚ ਬੇਕਾਬੂ ਹਿੰਸਾ, ਅਵਿਵਸਥਾ ਬਾਰੇ ਚਿੱਠੀ ਸਾਹਮਣੇ ਆਉਣ ਤੋਂ ਬਾਅਦ ਬੋਰਡ ਨੇ ਸ਼ੁਰੂ ਕੀਤੀ ਜਾਂਚ

ਮਿਸੀਸਾਗਾ, 25 ਮਈ (ਪੋਸਟ ਬਿਊਰੋ) : ਮਿਸੀਸਾਗਾ ਦੇ ਇੱਕ ਮਿਡਲ ਸਕੂਲ ਵਿੱਚ ਬੇਕਾਬੂ ਹਿੰਸਾ ਤੇ ਅਵਿਵਸਥਿਤ ਵਿਵਹਾਰ ਬਾਰੇ ਮਿਲੀ ਇੱਕ ਗੁੰਮਨਾਮ ਚਿੱਠੀ ਦੀ ਪੀਲ ਡਿਸਟ੍ਰਿਕਟ ਸਕੂਲ ਬੋਰਡ (ਪੀਡੀਐਸਬੀ) ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਇਹ ਚਿੱਠੀ ਸੋਸ਼ਲ ਮੀਡੀਆ ਉੱਤੇ ਵੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਤੇ ਇੰਜ ਲੱਗਦਾ ਹੈ ਕਿ ਇਸ ਨੂੰ ਟੌਮਕਨ ਰੋਡ ਮਿਡਲ ਸਕੂਲ ਦੇ ਸਟਾਫ ਮੈਂਬਰ ਵੱਲੋਂ ਲਿਖਿਆ ਗਿਆ ਹੈ। ਇਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ ਨੂੰ ਅਸੁਰੱਖਿਅਤ ਮਾਹੌਲ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਸਕੂਲ ਦਾ ਮਾਹੌਲ ਹਿੰਸਕ ਤੇ ਖੌਫ ਵਾਲਾ ਹੈ। ਇਸ ਵਿੱਚ ਇਹ ਵੀ ਲਿਖਿਆ ਗਿਆ ਹੈ ਕਿ ਸਾਡੇ ਸਕੂਲ ਵਿੱਚ ਸਵੈਮਾਣ ਬਚਾਈ ਰੱਖਣਾ ਅਸੰਭਵ ਹੋ ਗਿਆ ਹੈ। ਸਾਡੇ ਸਕੂਲ ਵਿੱਚ ਬਚੇ ਕਿਸੇ ਵੀ ਤਰ੍ਹਾਂ ਦੇ ਢਾਂਚੇ ਤੇ ਹੱਦਾਂ ਨੂੰ ਵਿਦਿਆਰਥੀਆਂ ਵੱਲੋਂ ਅਣਦੇਖਿਆ ਕੀਤਾ ਜਾਵੇਗਾ। ਇਹ ਵੀ ਲਿਖਿਆ ਗਿਆ ਹੈ ਕਿ ਅਸੀਂ




ਇਸ ਨੂੰ ਪਹਿਲਾਂ ਵਾਂਗ ਸੁਰੱਖਿਅਤ ਬਣਾਉਣਾ ਚਾਹੁੰਦੇ ਹਾਂ ਤੇ ਇੱਥੇ ਸ਼ਾਂਤੀ ਬਹਾਲ ਰੱਖਣੀ ਚਾਹੁੰਦੇ ਹਾਂ।

ਇਸ ਚਿੱਠੀ ਵਿੱਚ ਕਈ ਅਜਿਹੀਆਂ ਘਟਨਾਵਾਂ ਦੇ ਵੇਰਵੇ ਵੀ ਦਿੱਤੇ ਗਏ ਹਨ ਜਿਹੜੇ ਟੌਮਕਨ ਰੋਡ ਤੇ ਡੰਡਾਸ ਸਟਰੀਟ ਇਲਾਕੇ ਵਿੱਚ ਸਥਿਤ ਇਸ ਸਕੂਲ ਵਿੱਚ ਵਾਪਰੀਆਂ। ਇਨ੍ਹਾਂ ਵਿੱਚ ਤੋੜ ਭੰਨ੍ਹ, ਹਿੰਸਕ ਘਟਨਾਵਾਂ ਤੇ ਗਾਲੀ ਗਲੌਚ ਵਰਗੀਆਂ ਘਟਨਾਵਾਂ ਦੀਆਂ ਉਦਾਹਰਨਾਂ ਦਿੱਤੀਆਂ ਗਈਆਂ ਹਨ। ਅਜਿਹੀਆਂ ਘਟਨਾਵਾਂ ਨੂੰ ਕੁੱਝ ਵਿਦਿਆਰਥੀਆਂ ਵੱਲੋਂ ਦੂਜੇ ਵਿਦਿਆਰਥੀਆਂ, ਸਟਾਫ ਤੇ ਅਧਿਆਪਕਾਂ ਖਿਲਾਫ ਅੰਜਾਮ ਦਿੱਤਾ ਜਾਂਦਾ ਹੈ।ਇਸ ਚਿੱਠੀ ਵਿੱਚ ਤਾਂ ਇੱਥੋਂ ਤੱਕ ਲਿਖਿਆ ਹੈ ਕਿ ਵਿਦਿਆਰਥੀਆਂ ਵੱਲੋਂ ਸਕੂਲ ਦੇ ਬਾਥਰੂਮ ਦੇ ਫਰਸ਼ ਨੂੰ ਗੰਦਾ ਕਰ ਦਿੱਤਾ ਗਿਆ ਹੈ ਤੇ ਇਹ ਵੀ ਕਿ ਉਹ ਆਪਣਾ ਮਲ ਕੰਧਾਂ ਉੱਤੇ ਮਲ ਦਿੰਦੇ ਹਨ। ਬੇਸ਼ਰਮੀ ਦੀ ਹੱਦ ਇਹ ਹੈ ਕਿ ਅਧਿਆਪਕਾਂ ਦੇ ਪਿੱਛੇ ਆ ਕੇ ਕੁੱਝ ਵਿਦਿਆਰਥੀ ਜ਼ੋਰ ਦੀ ਕੰਨ ਵਿੱਚ ਚੀਕਦੇ ਹਨ ਤੇ ਤੁਹਾਨੂੰ ਪਲਟ ਕੇ ਜਵਾਬ ਦਿੰਦੇ ਹਨ।

ਚਿੱਠੀ ਵਿੱਚ ਲਿਖਿਆ ਗਿਆ ਕਿ ਸਕੂਲ ਦੇ ਸਟਾਫ ਵੱਲੋਂ ਪੀਡੀਐਸਬੀ ਤੋਂ ਮਦਦ ਮੰਗਣ ਦੀ ਕਈ ਵਾਰੀ ਕੋਸ਼ਿਸ਼ ਕੀਤੀ ਜਾ ਚੁੱਕੀ ਹੈ ਪਰ ਮਦਦ ਸੰਭਵ ਨਹੀਂ ਹੋ ਸਕੀ। ਇਹ ਵੀ ਲਿਖਿਆ ਗਿਆ ਕਿ ਸਟਾਫ ਨੇ ਸੁਪਰਡੈਂਟ ਨਾਲ ਮੀਟਿੰਗ ਦਾ ਪ੍ਰਬੰਧ ਵੀ ਕਰ ਲਿਆ ਪਰ ਮੀਟਿੰਗ ਵਾਲੇ ਦਿਨ ਉਨ੍ਹਾਂ ਆਖਿਆ ਕਿ ਉਹ ਤਾ ਭੁੱਲ ਹੀ ਗਏ। ਕੋਈ ਵੀ ਇਸ ਮਾਮਲੇ ਵਿੱਚ ਦਖਲ ਨਹੀਂ ਦੇਣੀ ਚਾਹੁੰਦਾ ਤੇ ਸਾਨੂੰ ਸਮਝ ਨਹੀਂ ਆ ਰਿਹਾ ਕਿ ਕਿਉਂ? ਦੂਜੇ ਪਾਸੇ ਸਕੂਲ ਬੋਰਡ ਨੇ ਆਖਿਆ ਕਿ ਉਹ ਇਸ ਚਿੱਠੀ ਤੋਂ ਜਾਣੂ ਹਨ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮੁੱਦੇ ਉੱਤੇ ਜੌਹਨਸਟਨ ਨੂੰ ਪਾਰਲੀਆਮੈਂਟਰੀ ਕਮੇਟੀ ਸਾਹਮਣੇ ਪੇਸ਼ ਹੋਣ ਦਾ ਸੱਦਾ

ਓਟਵਾ, 25 ਮਈ (ਪੋਸਟ ਬਿਊਰੋ) : ਚੋਣਾਂ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਮਾਮਲੇ ਦੀ ਜਾਂਚ ਲਈ ਨਿਯੁਕਤ ਸਪੈਸ਼ਲ ਰੈਪੋਰਟਰ ਨੂੰ ਐਮਪੀਜ਼ ਵੱਲੋਂ 6 ਜੂਨ ਤੱਕ ਪਾਰਲੀਆਮੈਂਟਰੀ ਕਮੇਟੀ, ਜੋ ਕਿ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਦਾ ਅਧਿਐਨ ਕਰ ਰਹੀ ਹੈ, ਸਾਹਮਣੇ ਪੇਸ਼ ਹੋਣ ਦਾ ਸੱਦਾ ਦਿੱਤਾ ਗਿਆ ਹੈ।



ਹਾਊਸ ਆਫ ਕਾਮਨਜ਼ ਵਿੱਚ ਭਾਵੇਂ ਇਸ ਹਫਤੇ ਛੁੱਟੀ ਚੱਲ ਰਹੀ ਹੈ ਪਰ ਵੀਰਵਾਰ ਨੂੰ ਵਿਰੋਧੀ ਧਿਰ ਦੇ ਐਮਪੀਜ਼ ਵੱਲੋਂ ਪ੍ਰੋਸੀਜ਼ਰ ਐਂਡ ਹਾਊਸ ਅਫੇਅਰਜ਼ ਕਮੇਟੀ (ਪੀਆਰਓਸੀ)ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਕੰਜ਼ਰਵੇਟਿਵਾਂ ਵੱਲੋਂ ਜੌਹਨਸਟਨ ਨੂੰ ਪੈਨਲ ਸਾਹਮਣੇ ਪੇਸ਼ ਹੋ ਕੇ ਐਮਪੀਜ਼ ਦੇ ਸਵਾਲਾਂ ਦੇ ਜਵਾਬ ਦੇਣ ਦੇ ਮੁੱਦੇ ਉੱਤੇ ਬਹਿਸ ਕਰਵਾਈ ਗਈ। ਜ਼ਿਕਰਯੋਗ ਹੈ ਕਿ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੀ ਜਨਤਕ ਜਾਂਚ ਕਰਵਾਉਣ ਖਿਲਾਫ ਕੀਤੀ ਸਿਫਾਰਸ਼ ਬਾਰੇ ਐਮਪੀਜ਼ ਜੌਹਨਸਟਨ ਤੋਂ ਸਿੱਧੇ ਸਵਾਲ ਜਵਾਬ ਕਰਨਾ ਚਾਹੁੰਦੇ ਹਨ।

ਇਸ ਦੌਰਾਨ ਕੰਜ਼ਰਵੇਟਿਵ ਐਮਪੀ ਮਾਈਕਲ ਬੈਰੇਟ ਨੇ ਆਖਿਆ ਕਿ ਇਹ ਜ਼ਰੂਰੀ ਹੈ ਕਿ ਅਸੀਂ ਜੌਹਨਸਟਨ ਦੇ ਮੂੰਹ ਤੋਂ ਹੀ ... ਬਾਕੀ ਪੰਨਾ 3 'ਤੇ

## ਤਕਨੀਕੀ ਗੜਬੜੀ ਕਾਰਨ ਏਅਰ ਕੈਨੇਡਾ ਦੀਆਂ ਕਈ ਉਡਾਨਾਂ ਵਿੱਚ ਹੋਈ ਦੇਰ

ਮਾਂਟਰੀਅਲ, 25 ਮਈ (ਪੋਸਟ ਬਿਊਰੋ) : ਏਅਰ ਕੈਨੇਡਾ ਵੱਲੋਂ ਵੀਰਵਾਰ ਨੂੰ ਕੰਪਿਊਟਰ ਸਿਸਟਮ ਵਿੱਚ ਆਈ ਦਿੱਕਤ ਕਾਰਨ ਆਪਣੇ ਜਹਾਜ਼ਾਂ ਨੂੰ ਉਡਾਨ ਨਹੀਂ ਭਰਨ ਦਿੱਤੀ ਗਈ। ਇਸ ਨਾਲ ਅੱਧੀਆਂ ਉਡਾਨਾਂ ਲੇਟ ਹੋ ਗਈਆਂ।

ਮਾਂਟਰੀਅਲ ਸਥਿਤ ਇਸ ਕੰਪਨੀ ਨੇ ਆਖਿਆ ਕਿ ਜਹਾਜ਼ਾਂ ਨਾਲ ਸੰਪਰਕ ਰੱਖਣ ਤੇ ਉਨ੍ਹਾਂ ਦੀ ਕਾਰਗੁਜ਼ਾਰੀ ਉੱਤੇ ਨਿਗਰਾਨੀ ਰੱਖਣ ਵਾਲੇ ਏਅਰਲਾਈਨ ਦੇ ਸਿਸਟਮ ਵਿੱਚ ਤਕਨੀਕੀ ਗੜਬੜੀ ਆ ਜਾਣ ਕਾਰਨ ਇੱਕ ਵਾਰੀ ਲਈ ਸਾਰਾ ਕੰਮਕਾਜ ਰੋਕਣਾ ਪਿਆ। ਵੀਰਵਾਰ ਦੁਪਹਿਰ ਨੂੰ ਏਅਰਲਾਈਨ ਦੇ ਬੁਲਾਰੇ ਪੀਟਰ ਫਿਟਜ਼ਪੈਟ੍ਰਿਕ ਨੇ ਆਖਿਆ ਕਿ ਸਿਸਟਮ ਵਿੱਚ ਇਸ ਗੜਬੜੀ ਕਾਰਨ ਜਹਾਜ਼ਾਂ ਨੂੰ ਉਡਾਨ ਭਰਨ ਵਿੱਚ ਥੋੜ੍ਹੀ ਦੇਰ ਹੋਈ ਪਰ ਹੁਣ ਸਿਸਟਮ ਨੌਰਮਲ ਹੋ ਰਿਹਾ ਹੈ ਤੇ ਅਹਿਤਿਆਤਨ ਅਪਣਾਏ ਜਾ ਰਹੇ ਮਾਪਦੰਡ ਹਟਾ ਲਏ ਗਏ ਹਨ।

ਟਰੈਕਿੰਗ ਸਰਵਿਸ ਫਲਾਈਟਅਵੇਅਰ ਅਨੁਸਾਰ ਵੀਰਵਾਰ ਰਾਤ ਤੱਕ ਏਅਰ ਕੈਨੇਡਾ ਦੀਆਂ 241 ਉਡਾਨਾਂ ਵਿੱਚ ਵਿਘਣ ਪਿਆ। ਬੁੱਧਵਾਰ ਨੂੰ 35 ਫੀ ਸਦੀ ਉਡਾਨਾਂ ਤੇ ਮੰਗਲਵਾਰ ਨੂੰ 30 ਫੀ ਸਦੀ ਉਡਾਨਾਂ ਵਿੱਚ ਦੇਰ ਹੋਈ। ਇਨ੍ਹਾਂ ਤੋਂ ਇਲਾਵਾ ਵੀਰਵਾਰ ਨੂੰ 19 ਉਡਾਨਾਂ ਹੋਰ ਰੱਦ ਹੋਈਆਂ।

## ਟੈਡ ਸੂ ਵੀ ਸ਼ਾਮਲ ਹੋਏ ਓਨਟਾਰੀਓ ਲਿਬਰਲ ਲੀਡਰਸ਼ਿਪ ਦੌੜ ਵਿਚ

ਓਨਟਾਰੀਓ, 25 ਮਈ (ਪੋਸਟ ਬਿਊਰੋ) : ਓਨਟਾਰੀਓ ਲਿਬਰਲ ਪਾਰਟੀ ਦਾ ਅਗਲਾ ਆਗੂ ਬਣਨ ਲਈ ਦੂਜੇ ਉਮੀਦਵਾਰ ਨੇ ਵੀ ਚੋਣ ਪਿੜ ਵਿੱਚ ਪੈਰ ਰੱਖ ਦਿੱਤਾ ਹੈ।



ਇਲੈਕਸ਼ਨਜ਼ ਓਨਟਾਰੀਓ ਅਨੁਸਾਰ ਕਿੰਗਸਟਨ ਐਂਡ ਦ ਆਈਲੈਂਡਜ਼ ਤੋਂ ਐਮਪੀਪੀ ਟੈੱਡ ਸੂ ਨੇ 20 ਮਈ ਨੂੰ ਲੀਡਰਸ਼ਿਪ ਉਮੀਦਵਾਰ ਵਜੋਂ ਰਸਮੀ ਤੌਰ ਉੱਤੇ ਆਪਣਾ ਨਾਂ ਰਜਿਸਟਰ ਕਰਵਾਇਆ।ਹਾਲਾਂਕਿ ਸੂ ਨੇ ਅਜੇ ਜਨਤਕ ਤੌਰ ਉੱਤੇ ਆਪਣੀ ਉਮੀਦਵਾਰੀ ਦਾ ਐਲਾਨ ਨਹੀਂ ਕੀਤਾ ਹੈ ਪਰ ਉਨ੍ਹਾਂ ਬੁੱਧਵਾਰ ਨੂੰ ਟਵੀਟ ਕਰਕੇ ਇਹ ਜ਼ਰੂਰ ਆਖਿਆ ਕਿ ਉਹ ਐਤਵਾਰ ਨੂੰ ਸਪੈਸ਼ਲ ਐਲਾਨ ਕਰਨਗੇ। ਮੀਡੀਆ ਰਲੀਜ਼ ਵਿੱਚ ਉਨ੍ਹਾਂ ਆਖਿਆ ਕਿ ਡੱਗ ਫੋਰਡ ਸਰਕਾਰ ਹੇਠ ਪੰਜ ਸਾਲ ਬਿਤਾਉਣ ਤੋਂ ਬਾਅਦ ਹੁਣ ਓਨਟਾਰੀਓ ਵਿੱਚ ਨਵੀਂ ਸ਼ੁਰੂਆਤ ਦਾ ਸਮਾਂ ਆ ਚੁੱਕਿਆ ਹੈ।

ਸਾਨੂੰ ਹੈਲਥ ਕੇਅਰ, ਹਾਊਸਿੰਗ ਤੇ ਕੌਸਟ ਆਫ ਲਿਵਿੰਗ ਨਾਲ ਸਿੱਝਣ ਲਈ ਨਵੀਂ ਸ਼ੁਰੂਆਤ ਦੀ ਲੋੜ ਹੈ। ਇਸ ਦੇ ਨਾਲ ਹੀ ਸਾਨੂੰ 21ਵੀਂ ਸਦੀ ਦੇ ਅਰਥਚਾਰੇ ਵਿੱਚ ਨਿਵੇਸ਼ ਕਰਨ ਦੀ ਵੀ ਲੋੜ ਹੈ ਤਾਂ ਕਿ ਅਸੀਂ ਆਪਣੇ ਆਲੇ ਦੁਆਲੇ ਤੇ ਵਾਤਾਵਰਣ ਦੀ ਹਿਫਾਜ਼ਤ ਕਰ ਸਕੀਏ।

ਸੂ ਤੋਂ ਪਹਿਲਾਂ ਹੁਣ ਤੱਕ ਬੀਚਿਜ਼ ਈਸਟ ਯੌਰਕ ਤੋਂ ਐਮਪੀ ਨਥਾਨੀਅਲ ਅਰਸਕਿਨ ਸਮਿੱਥ ਨੇ ਹੀ ਇਸ ਅਹੁਦੇ ਲਈ ਉਮੀਦਵਾਰ ਵਜੋਂ ਆਪਣਾ ਨਾਂ ਰਜਿਸਟਰ ਕਰਵਾਇਆ ਹੈ।

ਇਸ ਹਫਤੇ ਦੇ ਸ਼ੁਰੂ ਵਿੱਚ ਮਿਸੀਸਾਗਾ ਦੀ ਮੇਅਰ ਬੌਨੀ ਕ੍ਰੌਂਬੀ ਨੇ ਵੀ ਇਸ ਦੌੜ ਵਿੱਚ ਹਿੱਸਾ ਲੈਣ ਦਾ ਸੰਕੇਤ ਦਿੱਤਾ। ਇਸ ਵਾਸਤੇ ਉਨ੍ਹਾਂ ਵੱਲੋਂ ਐਕਸਪਲੋਰੇਟਰੀ ਕਮੇਟੀ ਵੀ ਕਾਇਮ ਕੀਤੀ ਗਈ ਹੈ। ਇਨ੍ਹਾਂ ਤੋਂ ਇਲਾਵਾ ਫੈਡਰਲ ਐਮਪੀ ਤੇ ਸਾਬਕਾ ਪ੍ਰੋਵਿੰਸ਼ੀਅਲ ਕੈਬਨਿਟ ਮੰਤਰੀ ਯਾਸਿਰ ਨਕਵੀ, ਡੌਨ ਵੈਲੀ ਵੈਸਟ ਤੋਂ ਐਮਪੀਪੀ ਸਟੈਫਨੀ ਬੋਅਮੈਨ ਤੇ ਡੌਨ ਵੈਲੀ ਈਸਟ ਤੋਂ ਐਮਪੀਪੀ ਆਦਿਲ ਸ਼ਾਮਜੀ ਵੀ ਇਸ ਅਹੁਦੇ ਲਈ ਆਪਣੇ ਪਰ ਤੋਲ ਰਹੇ ਹਨ।

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME APPLIANCES
HOT SUMMER Deal
$2,999*
SAMSUNG BUY MORE SAVE MORE
$4,299*
$5,199*
KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556
44 Fasken Dr, #2-9 Etobicoke, ON M9W 5M8 (416) 792-0877
Unit #1, 241 Clarence St Brampton, On L6W 3E7 (416) 551-3343
1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬਿਲਡਿੰਗ ਵਿੱਚ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਹਾਲਤ ਵਿਗੜੀ



ਸਕਾਰਬਰੋ, 25 ਮਈ (ਪੋਸਟ ਬਿਊਰੋ) : ਰਾਤ ਸਮੇਂ ਸਕਾਰਬਰੋ ਦੀ ਇਮਾਰਤ ਵਿੱਚ ਲੱਗੀ ਅੱਗ ਤੋਂ ਬਾਅਦ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।

ਵਾਰਡਨ ਤੇ ਮੈਕਨਿਕੋਲੀ ਐਵਨਿਊ ਨੇੜੇ ਬ੍ਰਿਡਲਟਾਊਨ ਸਰਕਲ ਉੱਤੇ ਸਥਿਤ ਇੱਕ ਰਿਹਾਇਸ਼ੀ ਇਮਾਰਤ ਵਿੱਚ ਰਾਤੀਂ 12:30 ਵਜੇ ਅੱਗ ਲੱਗ ਗਈ। ਟੋਰਾਂਟੋ ਫਾਇਰ ਨੇ ਦੱਸਿਆ ਕਿ ਬਿਲਡਿੰਗ ਦੀ 16ਵੀਂ ਮੰਜ਼ਿਲ ਤੋਂ ਉਨ੍ਹਾਂ ਨੂੰ ਧੂੰਆਂ ਨਿਕਲਦਾ ਨਜ਼ਰ ਆਇਆ। ਹੇਠਲੀ ਮੰਜ਼ਿਲ ਤੋਂ ਉਨ੍ਹਾਂ ਨੂੰ ਇੱਕ ਵਿਅਕਤੀ ਮਿਲਿਆ ਜਿਸ ਦੀ ਹਾਲਤ ਠੀਕ ਨਹੀਂ ਸੀ ਤੇ ਪੈਰਾਮੈਡਿਕਸ ਵੱਲੋਂ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਇਸ ਵਿਅਕਤੀ ਦੀ ਹਾਲਤ ਬਾਰੇ ਕੋਈ ਵੀ ਹੋਰ ਜਾਣਕਾਰੀ ਅਧਿਕਾਰੀਆਂ ਵੱਲੋਂ ਜਾਰੀ ਨਹੀਂ ਕੀਤੀ ਗਈ। ਅੱਗ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ ਪਰ ਕ੍ਰਿਊ ਮੌਕੇ ਉੱਤੇ ਹੀ ਮੌਜੂਦ ਰਿਹਾ।

# ਭਗਵੰਤ ਮਾਨ ਦਾ ਚੰਨੀ ਨੂੰ ਅਲਟੀਮੇਟਮ, ਦੋਸ਼ ਮੰਨਣ ਲਈ 31 ਮਈ ਤੱਕ ਦਾ ਦਿੱਤਾ ਸਮਾਂ



ਚੰਡੀਗੜ੍ਹ, 25 ਮਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਵਲੋਂ ਇੱਕ ਵਾਰ ਫਿਰ ਸਾਬਕਾ ਸੀਐਮ ਚਰਨਜੀਤ ਚੰਨੀ ਤੇ ਤਿੱਖਾ ਹਮਲਾ ਕਰਦੇ ਹੋਏ ਚੰਨੀ ਨੂੰ ਅਲਟੀਮੇਟ ਦੇ ਦਿੱਤਾ ਹੈ। ਮਾਨ ਨੇ ਟਵੀਟ ਕਰਦੇ ਹੋਏ ਲਿਖਿਆ ਕਿ, ਮਾਣਯੋਗ ਚਰਨਜੀਤ ਚੰਨੀ ਜੀ ਆਦਰ ਸਹਿਤ ਤੁਹਾਨੂੰ 31 ਮਈ 2 ਵਜੇ ਤੱਕ ਆਪਣੇ ਭਤੀਜੇ-ਭਾਣਜੇ ਵੱਲੋਂ ਖਿਡਾਰੀ ਤੋਂ ਨੌਕਰੀ ਬਦਲੇ ਰਿਸ਼ਵਤ ਮੰਗਣ ਬਾਰੇ ਸਾਰੀ ਜਾਣਕਾਰੀ ਜਨਤਕ ਕਰਨ ਦਾ ਮੌਕਾ ਦਿੰਦਾ ਹਾਂ, ਨਹੀਂ ਫੇਰ 31 ਮਈ ਦੁਪਹਿਰ 2 ਵਜੇ ਮੈਂ ਫੋਟੋਆਂ, ਨਾਮ ਅਤੇ ਮਿਲਣ ਵਾਲੀ ਥਾਂ ਸਮੇਤ ਸਭ ਕੁਛ ਪੰਜਾਬੀਆਂ ਸਾਹਮਣੇ ਰੱਖਾਂਗਾ।

## ਮੁੱਖ ਮੰਤਰੀ ਕੋਲ ਕੋਈ ਸਬੂਤ ਹੈ ਤਾਂ ਕਾਰਵਾਈ ਕਰਨ : ਚੰਨੀ



ਚੰਡੀਗੜ੍ਹ, 25 ਮਈ 2023: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਾਏ ਗਏ ਹਨ, ਜਿਸ ਤੋਂ ਬਾਅਦ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਨੇ ਪ੍ਰੈੱਸ ਕਾਨਫ਼ਰੰਸ ਕਰਦਿਆਂ ਮੁੱਖ ਮੰਤਰੀ ਮਾਨ ਨੂੰ ਮੋੜਵਾਂ ਜਵਾਬ ਦਿੱਤਾ ਹੈ। ਚਰਨਜੀਤ ਸਿੰਘ ਚੰਨੀ ਨੇ ਪ੍ਰੈੱਸ ਕਾਨਫ਼ਰੰਸ ਕਰਦਿਆਂ ਕਿਹਾ ਕਿ ਜੇ ਮੁੱਖ ਮੰਤਰੀ ਦੇ ਕੋਲ ਕਿਸੇ ਵੀ ਭ੍ਰਿਸ਼ਟਾਚਾਰ ਦੇ ਸਬੂਤ ਹਨ ਤਾਂ ਉਹ ਟਵੀਟ ਕਰਕੇ ਤਾਰੀਖਾਂ ਬੰਨਣ ਨਾਲੋਂ ਪਰਚਾ ਦਰਜ ਕਰਕੇ ਮੈਨੂੰ ਅੰਦਰ ਦੇ ਦੇਣ, ਟਵੀਟੋ ਟਵੀਟ ਖੇਡਣ ਦਾ ਕੀ ਮਤਲਬ ਹੈ । ਪ੍ਰੈੱਸ ਕਾਨਫ਼ਰੰਸ ਦੌਰਾਨ ਚਰਨਜੀਤ ਸਿੰਘ ਚੰਨੀ ਨੇ ਆਪਣੇ 'ਤੇ ਪਾਏ ਦੋਸ਼ਾਂ ਨੂੰ ਨਕਾਰ ਦਿੱਤਾ ਹੈ ।

ਇਸ ਦੌਰਾਨ ਚਰਨਜੀਤ ਚੰਨੀ ਨੇ ਕਿਹਾ ਕਿ ਉਹ ਖ਼ੁਦ ਮਿਹਨਤ ਕਰਕੇ ਇਸ ਮੁਕਾਮ 'ਤੇ ਆਏ ਹਨ, ਉਨ੍ਹਾਂ ਵਲੋਂ ਕਦੇ ਵੀ ਕਿਸੇ ਖਿਡਾਰੀ ਨੂੰ ਨਹੀਂ ਕਿਹਾ ਗਿਆ ਕਿ ਉਹ ਜਾ ਕੇ ਉਸ ਦੇ ਭਤੀਜੇ ਜਾਂ ਭਾਣਜੇ ਨੂੰ ਮਿਲਣ। ਉਹ ਖ਼ੁਦ ਵੀ ਆਪਣੇ ਪਰਿਵਾਰਕ ਮੈਂਬਰਾਂ ਨੂੰ ਪੁੱਛ ਚੁੱਕੇ ਹਨ ਕਿ ਉਨ੍ਹਾਂ ਨੂੰ ਇਸ ਸੰਬੰਧੀ ਕੋਈ ਮਿਲਿਆ ਹੈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਵੀ ਕਹਿ ਰਿਹਾ ਹੈ ਕਿ ਇਸ ਤਰ੍ਹਾਂ ਦੀ ਕੋਈ ਗੱਲ ਨਹੀਂ ਹੈ। ਚਰਨਜੀਤ ਚੰਨੀ ਨੇ ਕਿਹਾ ਕਿ ਜੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਕੋਈ ਸਬੂਤ ਹੈ ਤਾਂ ਉਹ ਕਾਰਵਾਈ ਕਰਨ, ਪਰ ਉਹ ਬੇ-ਕਸੂਰ ਹਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੇ ਮੁੱਦਿਆਂ ਤੋਂ ਭਟਕਾ ਕੇ ਸਾਰਾ ਦਿਨ ਕਾਂਗਰਸੀਆਂ ਮਗਰ ਲਗਾਇਆ ਹੋਇਆ ਹੈ . ਉਨ੍ਹਾਂ ਕਿਹਾ ਕਿ ਅਸੀਂ ਕੈਪਟਨ ਅਮਰਿੰਦਰ ਸਿੰਘ ਨੂੰ ਇਸ ਕਰ ਕੇ ਉਤਾਰਿਆ ਕਿਉਂਕਿ ਉਹ ਬੇਅਦਬੀ ਮਾਮਲੇ 'ਤੇ ਕੁਝ ਨਹੀਂ ਕਰ ਰਹੇ ਸੀ, ਹੁਣ ਆਪ ਦੀ ਸਰਕਾਰ ਨੂੰ ਇੱਕ ਸਾਲ ਹੋ ਗਿਆ, ਬੇਅਦਬੀ ਦਾ ਮਸਲਾ ਹੱਲ ਕਿਉਂ ਨਹੀਂ ਹੋ ਰਿਹਾ .

## ਅੱਜ ਨਾਮਾ

ਭਿੜਦੇ ਹਰਿਆਣਾ ਪੰਜਾਬ ਸਨ ਪਏ ਅੱਗੇ,
ਮੁੱਦਾ ਪਾਣੀ ਦਾ ਹੋਇਆ ਨਹੀਂ ਹੱਲ ਬੇਲੀ।
ਰਾਜਸਥਾਨ ਲਈ ਪਿਆ ਈ ਨਵਾਂ ਰੱਫੜ,
ਗਿਆ ਧਿਆਨ ਫਿਰ ਓਸ ਦੇ ਵੱਲ ਬੇਲੀ।
ਹਿਮਾਚਲ ਵਾਲੇ ਆ ਡੈਮ ਦਾ ਚੁੱਕ ਮੁੱਦਾ,
ਛੇੜਨ ਚੱਲ ਪਏ ਨਵੀਂ ਕੋਈ ਗੱਲ ਬੇਲੀ।
ਨਵਾਂ ਕੋਈ ਕੱਲ੍ਹ ਨੂੰ ਹੋਰ ਵੀ ਉੱਠ ਪੈਣਾ,
ਲਾਹੁੰਦੇ ਰਿਹੋ ਫਿਰ ਵਾਲ਼ ਦੀ ਖੱਲ ਬੇਲੀ।
ਮੁੜ ਮੁੜ ਉੱਠ ਕੇ ਮੁੱਦੇ ਫਿਰ ਬਹਿ ਜਾਂਦੇ,
ਰਾਜਸੀ ਗਰਜਾਂ ਦੀ ਭਖੀ ਪਈ ਭੱਠ ਬੇਲੀ।
ਮਾਰ ਲਿਆ ਦੇਸ਼ ਨੂੰ ਵੋਟਾਂ ਦੀ ਰਾਜਨੀਤੀ,
ਦੇਣਾ ਰਹਿਣ ਨਹੀਂ ਲੋਕਾਂ ਦਾ 'ਕੱਠ ਬੇਲੀ।

**ਤੀਸ ਮਾਰ ਖਾਂ**

# ਵਾਸਾਗਾ ਬੀਚ ਇਲਾਕੇ ਵਿੱਚੋਂ ਮਿਲਿਆ ਮਨੁੱਖੀ ਪਿੰਜਰ

ਓਨਟਾਰੀਓ, 25 ਮਈ (ਪੋਸਟ ਬਿਊਰੋ) : ਵਾਸਾਗਾ ਬੀਚ ਟਾਊਨ ਵਿੱਚ ਮਨੁੱਖੀ ਪਿੰਜਰ ਮਿਲਣ ਤੋਂ ਬਾਅਦ ਪ੍ਰੋਵਿੰਸ਼ੀਅਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਜਾਂਚਕਾਰਾਂ ਨੇ ਦੱਸਿਆ ਕਿ ਬੁੱਧਵਾਰ ਨੂੰ ਦੁਪਹਿਰੇ 3:30 ਵਜੇ ਦੇ ਨੇੜੇ ਤੇੜੇ ਜ਼ਮੀਨ ਦਾ ਸਰਵੇਖਣ ਕਰਨ ਵਾਲੀ ਕੰਪਨੀ ਦੇ ਮੈਂਬਰਾਂ ਨੂੰ ਮੋਸਲੇ ਸਟਰੀਟ ਤੇ ਫੇਅਰਗ੍ਰਾਊਂਡਸ ਰੋਡ ਦਰਮਿਆਨ ਹਾਈਵੇਅ 26 ਦੇ ਇਲਾਕੇ ਵਿੱਚ ਕੰਮ ਕਰਦੇ ਸਮੇਂ ਇਹ ਪਿੰਜਰ ਮਿਲਿਆ। ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇਹ ਪਿੰਜਰ ਇਨਸਾਨ ਦਾ ਹੀ ਹੈ ਪਰ ਇਹ ਕਿਸੇ ਪੁਰਸ਼ ਜਾਂ ਮਹਿਲਾ ਜਾਂ ਕਿਸੇ ਜਵਾਨ ਇਨਸਾਨ ਦਾ ਹੈ ਇਸ ਬਾਰੇ ਹੋਰ ਵੇਰਵੇ ਅਜੇ ਜਾਰੀ ਨਹੀਂ ਕੀਤੇ ਗਏ।

ਇਹ ਵੀ ਪਤਾ ਨਹੀਂ ਲੱਗ ਸਕਿਆ ਹੈ ਕਿ ਇਹ ਪਿੰਜਰ ਕਿੰਨੇ ਸਮੇਂ ਤੋਂ ਇੱਥੇ ਪਿਆ ਹੈ। ਇਸ ਦੀ ਸ਼ਨਾਖ਼ਤ ਕਰਨ ਤੇ ਮੌਤ ਦੇ ਕਾਰਨਾਂ ਦਾ ਪਤਾ ਲਾਉਣ ਲਈ ਪੋਸਟ ਮਾਰਟਮ ਕਰਵਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਓਪੀਪੀ ਨੇ ਆਖਿਆ ਕਿ ਇਲਾਕੇ ਵਿੱਚ ਵੱਡੀ ਮਾਤਰਾ ਵਿੱਚ ਪੁਲਿਸ ਮੌਜੂਦ ਰਹਿ ਸਕਦੀ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੂੰ ਜ਼ੈੱਡ ਪਲੱਸ ਸੁਰੱਖਿਆ ਮਿਲੀ



ਚੰਡੀਗੜ੍ਹ, 25 ਮਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੇਂਦਰ ਸਰਕਾਰ ਵੱਲੋਂ ਸੁਰੱਖਿਆ 'ਚ ਵਾਧਾ ਕਰ ਦਿੱਤਾ ਗਿਆ ਹੈ। ਹੁਣ ਕੇਂਦਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਸੁਰੱਖਿਆ ਨੂੰ ਜ਼ੈੱਡ ਪਲੱਸ ਸੁਰੱਖਿਆ 'ਚ ਕਵਰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਪਹਿਲਾਂ ਹੀ ਪੰਜਾਬ ਪੁਲਿਸ ਦੀ ਸੁਰੱਖਿਆ ਹਾਸਲ ਹੈ। ਪਰ ਹੁਣ ਸੀ ਆਰ ਪੀ ਐਫ ਦੀ ਟੀਮ ਵੀ ਜ਼ੈੱਡ ਪਲੱਸ ਸੁਰੱਖਿਆ ਕਵਰ ਦੇਵੇਗੀ।

ਮਿਲੀ ਜਾਣਕਾਰੀ ਅਨੁਸਾਰ ਕੇਂਦਰ ਸਰਕਾਰ ਨੇ ਤਾਜ਼ਾ ਖੁਫੀਆ ਇਨਪੁੱਟ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ 'Z+' ਸੀ.ਆਰ.ਪੀ.ਐੱਫ. ਸੁਰੱਖਿਆ ਕਵਰ ਪ੍ਰਦਾਨ ਕੀਤਾ ਹੈ। ਇਹ ਸੁਰੱਖਿਆ ਕਵਰ ਪੂਰੇ ਭਾਰਤ ਵਿੱਚ ਉਨ੍ਹਾਂ ਨਾਲ ਰਹੇਗੀ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936





# ਮਾਤਾ ਸਾਹਿਬ ਕੌਰ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਮੰਜੀ ਸਾਹਿਬ ਪਿੰਡ ਜੜਖੜ੍ਹ (ਲੁਧਿਆਣਾ)

ਸਿੱਖ ਧਰਮ ਵਿਚ ਬੀਬੀਆਂ/ਔਰਤਾਂ ਦਾ ਬਹੁਤ ਹੀ ਸਤਿਕਾਰਯੋਗ ਅਤੇ ਮਹੱਤਵਪੂਰਨ ਸਥਾਨ ਹੈ। ਸਿੱਖੀ ਦੇ ਪ੍ਰਚਾਰ ਤੇ ਪਸਾਰ ਹਿੱਤ ਜਿਥੇ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਨਿਕਟਵਰਤੀਆਂ ਨੇ ਭਰਵਾਂ ਯੋਗਦਾਨ ਪਾਇਆ ਉਥੇ ਸਿੱਖ ਬੀਬੀਆਂ ਨੇ ਵੀ ਅਹਿਮ ਭੂਮਿਕਾ ਨਿਭਾਈ ਹੈ। ਇਸ ਭੂਮਿਕਾ ਸਦਕਾ ਹੀ ਸਿੱਖ ਇਤਿਹਾਸ ਵਿਚ ਉਨ੍ਹਾਂ ਦਾ ਨਾਂ ਬੜੇ ਅਦਬ ਨਾਲ ਲਿਆ ਜਾਂਦਾ ਹੈ। ਇਨ੍ਹਾਂ ਮਹਾਨ ਬੀਬੀਆਂ ਵਿਚ ਬੇਬੇ ਨਾਨਕੀ,ਬੀਬੀ ਅਮਰੋ,ਮਾਤਾ ਖੀਵੀ,ਬੀਬੀ ਭਾਨੀ,ਬੀਬੀ ਵੀਰੋ ਅਤੇ ਮਾਤਾ ਭਾਗੋ ਦਾ ਨਾਮ ਵਰਨਣਯੋਗ ਹੈ। ਸੇਵਾ-ਸਿਮਰਨ ਵਿਚ ਨਿਪੁੰਨ ਅਤੇ ਸਿੱਖੀ-ਸਭਿਆਚਾਰ ਨੂੰ ਪ੍ਰਫੁਲਿਤ ਕਰਨ ਵਾਲੀਆਂ ਇਹ ਬੀਬੀਆਂ ਹਮੇਸ਼ਾਂ ਚੜ੍ਹਦੀਕਲਾ ਵਿਚ ਰਹਿ ਕੇ ਅਪਣਾ ਜੀਵਨ ਪੰਧ ਨਿਬੇੜਦੀਆਂ ਰਹੀਆਂ ਹਨ। ਇਨ੍ਹਾਂ ਬੀਬੀਆਂ/ਮਾਤਾਵਾਂ ਵਿਚ ਹੀ ਸ਼ਾਮਿਲ ਹੈ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਜੜਖੜ੍ਹ ਦੇ ਵਸਨੀਕ ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦਾ ਨ ਾ ਮ ।

. ਧਰਮ-ਕਰਮ ਦੇ ਖੇਤਰ ਵਿਚ ਵਿਸ਼ੇਸ਼ ਸਾਤਿਕਾਰ ਰੱਖਣ ਵਾਲੀ ਮਾਤਾ ਸਾਹਿਬ ਕੌਰ ਜੀ (ਮੋਹੀ) ਦਾ ਜਨਮ 14 ਅਗਸਤ 1905 ਈ. ਨੂੰ ਪਿਤਾ ਸ.ਸਰਬਾ ਸਿੰਘ ਅਤੇ ਮਾਤਾ ਨੰਦ ਕੌਰ ਦੇ ਗ੍ਰਹਿ ਪਿੰਡ ਜੜਖੜ੍ਹ ਵਿਖੇ ਹੋਇਆ। ਲੁਧਿਆਣਾ-ਮਲੇਰਕੋਟਲਾ ਰੋਡ ਤੋਂ ਦੋ ਕੁ ਕਿਲੋਮੀਟਰ ਦੀ ਵਿੱਥ 'ਤੇ ਵੱਸਿਆ ਇਹ ਪਿੰਡ ਜੜਖੜ੍ਹ ਖੇਡ ਜਗਤ



ਵਿਚ ਆਪਣਾ ਖਾਸ ਮੁਕਾਮ ਰੱਖਦਾ ਹੈ।

. ਡੇਰਾ ਬਾਬਾ ਵਡਭਾਗ ਸਿੰਘ ਜੀ ਮੈੜੀ ਵਾਲਿਆਂ ਪ੍ਰਤੀ ਵਿਸ਼ੇਸ਼ ਸਤਿਕਾਰ ਰੱਖਣ ਵਾਲੀ ਮਾਤਾ ਸਾਹਿਬ ਕੌਰ ਜੀ ਨੇ ਆਪਣੀ ਸਾਰੀ ਹਯਾਤੀ ਗ਼ਰੀਬਾਂ ਅਤੇ ਲੋੜਵੰਦਾਂ ਦੀ ਭਲਾਈ ਵਿਚ ਲਗਾ ਦਿੱਤੀ। ਆਪ ਸਰਬਤ ਦੇ ਭਲੇ ਦੀ ਸੋਚ ਦੇ ਧਾਰਨੀ ਸਨ। ਭਾਵੇਂ ਮਾਤਾ ਜੀ ਨੇ ਆਪਣੇ ਜੀਵਨ ਦਾ ਕੁੱਝ ਸਮਾਂ ਪਿੰਡ ਮੋਹੀ ਵਿਖੇ ਵੀ ਗੁਜ਼ਾਰਿਆ ਪਰ ਆਪਣੀ ਜਨਮ-ਭੂਮੀ ਜੜਖੜ੍ਹ ਨਾਲ ਉਨ੍ਹਾਂ ਦਾ ਖਾਸ ਲਗਾਅ ਸੀ। ਇਸ ਲਗਾਅ ਸਦਕਾ ਹੀ ਉਨ੍ਹਾਂ ਨੇ ਆਪਣੇ ਸੇਵਕਾਂ ਨੂੰ ਕਿਹਾ ਸੀ ਸੱਚ ਖੰਡ ਪਿਆਨਾ ਕਰਨ ਸਮੇਂ ਮੇਰਾ ਸੰਸਕਾਰ ਪਿੰਡ ਜੜਖੜ੍ਹ ਵਿਖੇ ਕੀਤਾ ਜਾਵੇ ਅਤੇ ਮੰਜਾ ਕੁੱਝ ਸਮੇਂ ਲਈ ਪਿੰਡ ਦੇ ਬਰੋਟੇ ਹੇਠ ਰੱਖਿਆ ਜਾਵੇ।

. ਸੇਵਕਾਂ ਵੱਲੋਂ ਪੂਜਨੀਕ ਮਾਤਾ ਸਾਹਿਬ ਕੌਰ ਜੀ ਦੀ ਅੰਤਿਮ ਇੱਛਾ ਦਾ ਇਹਤਰਾਮ ਕਰਦਿਆਂ ਉਨ੍ਹਾਂ ਦੇ ਆਖਰੀ ਸਮੇਂ (10 ਮਈ 1963 ਈ.) ਤੇ ਉਨ੍ਹਾਂ ਦੀ ਮੰਜੀ ਨੂੰ ਪਿੰਡ ਜੜਖੜ੍ਹ ਦੇ ਬਰੋਟੇ ਹੇਠਾਂ ਰੱਖਿਆ ਗਿਆ ਜਿਥੇ ਇਲਾਕੇ ਦੀ ਸੰਗਤ ਨੇ ਉਨਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਅੰਤਿਮ ਵਿਦਾਇਗੀ ਦਿੱਤੀ।

. ਜਿਸ ਬਰੋਟੇ ਹੇਠ ਮਾਤਾ ਜੀ ਦੀ ਮੰਜੀ ਨੂੰ ਰੱਖਿਆ ਗਿਆ ਸੀ ਉਸ ਸਥਾਨ 'ਤੇ ਗੁਰਦੁਆਰਾ ਮੰਜੀ ਸਾਹਿਬ ਸਸ਼ੋਭਿਤ ਹੈ ਜਿਥੇ ਹਰ ਐਤਵਾਰ ਅਤੇ ਪੂਰਨਮਾਸ਼ੀ ਨੂੰ ਧਾਰਮਿਕ ਦੀਵਾਨ ਸਜਾਏ ਜਾਂਦੇ ਹਨ। ਇਸ ਤੋਂ ਇਲਾਵਾ ਹਰ ਸਾਲ 14 ਅਗਸਤ ਨੂੰ ਮਾਤਾ ਜੀ ਦਾ ਜਨਮ ਦਿਹਾੜਾ ਅਤੇ 10 ਮਈ ਨੂੰ ਬਰਸੀ ਸਮਾਗਮ ਵੱਡੇ ਪੱਧਰ 'ਤੇ ਮਨਾਏ ਜਾਂਦੇ ਹਨ।

-ਰਮੇਸ਼ ਬੱਗਾ ਚੋਹਲਾ
#1348/17/1 ਗਲੀ ਨੰ:8 ਰਿਸ਼ੀ ਨਗਰ ਐਕਸਟੈਨਸ਼ਨ(ਲੁਧਿਆਣਾ)
ਮੋਬ:9463132719

# ਵਿਦਿਆਰਥੀਆਂ ਨੂੰ ਸਿਹਤ ਸੰਬੰਧੀ ਦਿੱਤੀ ਜਾਣਕਾਰੀ

ਪ੍ਰਤਾਪ ਸਿੰਘ ਵਾਲਾ, 25 ਮਈ (ਚੋਹਲਾ): ਬੀਤੇ ਦਿਨੀਂ ਇਥੋਂ ਥੋੜ੍ਹੀ ਦੂਰ ਸ.ਸ.ਸ.ਸ.ਸਕੂਲ ਗੋਬਿੰਦ ਨਗਰ ਵਿਖੇ ਸੀਨੀਅਰ ਜਮਾਤਾਂ ਦੇ ਤਾਲਿਬਇਲਮਾਂ ਨੂੰ ਪੜ੍ਹਾਈ ਵਿਚ ਕਾਮਯਾਬ ਹੋਣ ਦੇ ਨਾਲ-ਨਾਲ ਸਿਹਤਯਾਬ ਹੋਣ ਬਾਰੇ ਵੀ ਵਿਸਥਾਰਤ ਜਾਣਕਾਰੀ ਦਿੱਤੀ ਗਈ।

ਰਮਨ ਹਸਪਤਾਲ ਲੁਧਿਆਣਾ ਦੇ ਡਾ. ਰਮਨ ਮਿੱਤਲ ਵੱਲੋਂ ਵਿਦਿਆਰਥੀਆਂ ਨੂੰ ਮੌਸਮੀ ਅਤੇ ਕਈ ਹੋਰ ਤਰ੍ਹਾਂ ਦੀ ਬਿਮਾਰੀਆਂ ਤੋਂ ਬਚਣ ਲਈ ਚੰਗੀ ਖ਼ੁਰਾਕ ਅਤੇ ਲੋੜੀਂਦੀ ਕਸਰਤ ਤੋਂ ਜਾਣੂੰ ਕਰਵਾਇਆ। ਸਕੂਲ ਮੁੱਖੀ ਅਤੇ ਸਮੂਹ ਅਧਿਆਪਕਾਂ ਵੱਲੋਂ ਡਾ.ਸਾਹਿਬ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।



## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮੁੱਦੇ ਉੱਤੇ ਜੌਹਨਸਟਨ ਨੂੰ ਪਾਰਲੀਆਮੈਂਟਰੀ ਕਮੇਟੀ ਸਾਹਮਣੇ ਪੇਸ਼ ਹੋਣ ਦਾ ਸੱਦਾ

ਪੰਨਾ 1 ਦਾ ਬਾਕੀ

ਇਹ ਸੁਣੀਏ ਕਿ ਉਨ੍ਹਾਂ ਇਹ ਸਿਫਾਰਿਸ਼ ਕਿਉਂ ਕੀਤੀ। ਇਸ ਉੱਤੇ ਲਿਬਰਲ ਪਾਰਟੀ ਵੱਲੋਂ ਵਿਰੋਧੀ ਧਿਰ ਉੱਤੇ ਮਾਮਲੇ ਦਾ ਸਿਆਸੀਕਰਨ ਕਰਨ ਦਾ ਦੋਸ਼ ਲਾਇਆ ਜਾ ਰਿਹਾ ਹੈ। ਕਮੇਟੀ ਦੇ ਚੇਅਰ ਤੇ ਲਿਬਰਲ ਐਮਪੀ ਬਰਦੀਸ਼ ਚੱਗੜ ਅਨੁਸਾਰ ਐਮਪੀਜ਼ ਨਾਲ ਗੱਲ ਕਰਨ ਦੇ ਇਰਾਦੇ ਨਾਲ ਜੌਹਨਸਟਨ ਵੱਲੋਂ ਇਹ ਸੱਦਾ ਸਵੀਕਾਰ ਕਰ ਲਿਆ ਗਿਆ ਹੈ।

## ਤਾਲਿਬਾਨ ਔਰਤਾਂ ਨੂੰ ਦੇਵੇਗਾ ਗੈਰ ਸਰਕਾਰੀ ਸੰਗਠਨਾਂ ਵਿਚ ਕੰਮ ਕਰਨ ਦਾ ਅਧਿਕਾਰ

ਕਾਬੁਲ, 25 ਮਈ (ਪੋਸਟ ਬਿਊਰੋ): ਅਫਗਾਨਿਸਤਾਨ ਵਿਚ ਤਾਲਿਬਾਨ ਸਰਕਾਰ ਦੇ ਸੱਤਾ ਵਿਚ ਆਉਣ ਤੋਂ ਬਾਅਦ ਔਰਤਾਂ ਦੇ ਅਧਿਕਾਰਾਂ 'ਤੇ ਹਮਲੇ ਹੋਏ ਹਨ। ਔਰਤਾਂ ਦੇ ਰੇਡੀਉ ਨੂੰ ਬੰਦ ਕਰਨ ਦੀ ਗੱਲ ਹੋਵੇ ਜਾਂ ਔਰਤਾਂ ਦੀ ਸਿੱਖਿਆ, ਤਾਲਿਬਾਨ ਦੇ ਫ਼ਰਮਾਨ ਹਮੇਸ਼ਾ ਅਫ਼ਗਾਨਿਸਤਾਨ ਦੀਆਂ ਔਰਤਾਂ ਦੇ ਹਿੱਤ ਤੋਂ ਪਰੇ ਰਹੇ ਹਨ। ਇਸ ਸਭ ਦੇ ਵਿਚਕਾਰ, ਅਫਗਾਨ ਤਾਲਿਬਾਨ ਨੇ ਕੰਧਾਰ ਵਿੱਚ ਔਰਤਾਂ ਨੂੰ ਕੰਮ ਮੁੜ ਸ਼ੁਰੂ ਕਰਨ ਦੀ ਇਜਾਜ਼ਤ ਦੇਣ ਬਾਰੇ ਵਿਚਾਰ ਕਰਨ ਦੀ ਗੱਲ ਕਹੀ ਹੈ।

ਇੱਕ ਪ੍ਰਮੁੱਖ ਅਫਗਾਨ ਸਹਾਇਤਾ



ਸੰਗਠਨ ਦੇ ਮੁਖੀ ਨੇ ਵੀਰਵਾਰ ਨੂੰ ਕਿਹਾ ਕਿ ਤਾਲਿਬਾਨ ਅਫਗਾਨ ਔਰਤਾਂ ਨੂੰ ਦੇਸ਼ ਦੇ ਧਾਰਮਿਕ ਅਤੇ ਰਾਜਨੀਤਿਕ ਕੇਂਦਰ, ਕੰਧਾਰ ਦੇ ਦੱਖਣੀ ਸੂਬੇ ਵਿੱਚ ਏਜੰਸੀ ਵਿੱਚ ਕੰਮ ਮੁੜ ਸ਼ੁਰੂ ਕਰਨ ਦੀ ਇਜਾਜ਼ਤ ਦੇਣ 'ਤੇ ਵਿਚਾਰ ਕਰਨ ਲਈ ਸਹਿਮਤ ਹੋ ਗਿਆ ਹੈ। ਇਸ ਤੋਂ ਪਹਿਲਾਂ ਦਸੰਬਰ ਵਿਚ ਅਫਗਾਨਿਸਤਾਨ ਵਿਚ ਤਾਲਿਬਾਨ ਨੇ ਅਫਗਾਨ ਔਰਤਾਂ ਦੇ ਗੈਰ-ਸਰਕਾਰੀ ਸੰਗਠਨਾਂ ਵਿਚ ਕੰਮ ਕਰਨ 'ਤੇ ਪਾਬੰਦੀ ਲਗਾ ਦਿੱਤੀ ਸੀ। ਤਾਲਿਬਾਨ ਨੇ ਕਥਿਤ ਤੌਰ 'ਤੇ ਇਹ ਕਦਮ ਔਰਤਾਂ ਦੇ ਸਹੀ ਢੰਗ ਨਾਲ ਹਿਜਾਬ ਨਾ ਪਹਿਨਣ ਜਾਂ ਪੁਰਸ਼ਾਂ ਅਤੇ ਔਰਤਾਂ ਲਈ ਵੱਖ-ਵੱਖ ਬੈਠਣ ਦੀ ਵਿਵਸਥਾ ਨਾ ਹੋਣ ਦੇ ਮੱਦੇਨਜ਼ਰ ਚੁੱਕਿਆ ਸੀ। ਅਪ੍ਰੈਲ ਵਿੱਚ, ਉਸਨੇ ਕਿਹਾ ਕਿ ਇਹ ਪਾਬੰਦੀ ਅਫਗਾਨਿਸਤਾਨ ਵਿੱਚ ਸੰਯੁਕਤ ਰਾਸ਼ਟਰ ਦੇ ਦਫਤਰਾਂ ਅਤੇ ਏਜੰਸੀਆਂ ਵਿੱਚ ਵੀ ਲਾਗੂ ਕੀਤੀ ਗਈ ਸੀ। ਹਾਲਾਂਕਿ, ਸਿਹਤ ਸੰਭਾਲ ਅਤੇ ਸਿੱਖਿਆ ਵਰਗੇ ਕੁਝ ਖੇਤਰਾਂ ਵਿੱਚ ਛੋਟਾਂ ਹਨ।

## ਕੋਲਕਾਤਾ ਵਿਚ ਚੱਲੇਗੀ ਪਹਿਲੀ ਅੰਡਰਵਾਟਰ ਮੈਟਰੋ, ਹੁਗਲੀ ਨਦੀ ਦੇ ਹੇਠਾਂ ਬਣੀ 500 ਮੀਟਰ ਲੰਬੀ ਸੁਰੰਗ

ਕੋਲਕਾਤਾ, 25 ਮਈ (ਪੋਸਟ ਬਿਊਰੋ): ਕੋਲਕਾਤਾ ਇੱਕ ਵਾਰ ਫਿਰ ਨਦੀ ਦੇ ਹੇਠਾਂ ਚੱਲਣ ਵਾਲੀ ਮੈਟਰੋ ਨਾਲ ਇਤਿਹਾਸ ਰਚਣ ਲਈ ਤਿਆਰ ਹੈ। ਇੱਥੇ ਲੋਕ ਅੰਡਰਵਾਟਰ ਮੈਟਰੋ ਰਾਹੀਂ ਸਫ਼ਰ ਕਰਨ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਕੋਲਕਾਤਾ ਦਾ ਈਸਟ ਵੈਸਟ ਮੈਟਰੋ ਕੋਰੀਡੋਰ ਇੱਕ ਵਿਲੱਖਣ ਮੈਟਰੋ ਕੋਰੀਡੋਰ ਹੈ, ਜਿਸ ਵਿੱਚ ਇੱਕ ਐਲੀਵੇਟਿਡ ਸੈਕਸ਼ਨ ਅਤੇ ਇੱਕ ਭੂਮੀਗਤ ਸੈਕਸ਼ਨ ਅਤੇ ਇੱਥੋਂ ਤੱਕ ਕਿ ਇੱਕ ਪਾਣੀ ਦੇ ਹੇਠਾਂ ਸੈਕਸ਼ਨ ਵੀ ਹੈ। ਇਹ ਭਾਰਤ ਦਾ ਪਹਿਲਾ ਅੰਡਰਵਾਟਰ ਮੈਟਰੋ ਪ੍ਰੋਜੈਕਟ ਵੀ ਹੈ।



ਅੰਡਰਵਾਟਰ ਸੈਕਸ਼ਨ ਦਾ ਨਿਰਮਾਣ ਹੁਣ ਅਜ਼ਮਾਇਸ਼ਾਂ ਦੇ ਅੰਤਮ ਪੜਾਅ ਵਿੱਚੋਂ ਲੰਘ ਰਿਹਾ ਹੈ। ਆਖ਼ਰਕਾਰ ਸਾਰਾ ਪ੍ਰੋਜੈਕਟ, ਜਿਸਦਾ ਸੰਕਲਪ 1971 ਵਿੱਚ ਕੀਤਾ ਗਿਆ ਸੀ। ਇਹ ਲਗਭਗ 14 ਸਾਲਾਂ ਬਾਅਦ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਜਲਦੀ ਹੀ ਹੁਗਲੀ ਨਦੀ ਦੇ ਹੇਠਾਂ ਰੇਲ ਗੱਡੀਆਂ ਚੱਲਣਗੀਆਂ।

ਨਦੀ ਦੇ ਹੇਠਾਂ ਮੈਟਰੋ ਲਈ 500 ਮੀਟਰ ਲੰਬੀ ਰੇਲ ਸੁਰੰਗ ਬਣਾਈ ਗਈ ਹੈ, ਜੋ ਜ਼ਮੀਨ ਤੋਂ 32 ਮੀਟਰ ਹੇਠਾਂ ਬਣਾਈ ਗਈ ਹੈ। ਇਹ ਸੁਰੰਗ ਹਾਵੜਾ ਮੈਦਾਨ ਤੋਂ ਸ਼ੁਰੂ ਹੋ ਕੇ ਸਾਲਟ ਲੇਕ ਸੈਕਟਰ 22 ਤੱਕ ਫੈਲੀ ਹੋਈ ਹੈ। ਇਹ ਮੈਟਰੋ ਸ਼ਹਿਰ ਦੇ ਕਈ ਮਹੱਤਵਪੂਰਨ ਖੇਤਰਾਂ ਨੂੰ ਜੋੜ ਦੇਵੇਗੀ। ਨਾਲ ਹੀ, ਇਹ ਮੈਟਰੋ ਕੋਲਕਾਤਾ ਅਤੇ ਹਾਵੜਾ ਨੂੰ ਜੋੜਦੀ ਹੈ। ਇਸ ਸੁਰੰਗ ਵਿੱਚ ਮੈਟਰੋ ਦਾ ਟਰਾਇਲ ਰਨ ਕੀਤਾ ਗਿਆ ਹੈ। ਜਲਦੀ ਹੀ ਯਾਤਰੀਆਂ ਲਈ ਇਹ ਸੇਵਾ ਸ਼ੁਰੂ ਹੋ ਜਾਵੇਗੀ। ਪਿਛਲੇ ਦਿਨੀਂ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਵੀ ਟਵਿੱਟਰ 'ਤੇ ਇਸ ਅੰਡਰਵਾਟਰ ਮੈਟਰੋ ਦਾ ਵੀਡੀਉ ਸ਼ੇਅਰ ਕੀਤੀ ਸੀ।

## ਡਿਜ਼ਾਈਨਰ ਕੱਪੜੇ ਘੁਟਾਲੇ ਵਿੱਚ ਭਾਰਤੀ ਮੂਲ ਦੇ ਮਾਸਟਰਮਾਈਂਡ ਨੂੰ 20 ਸਾਲ ਦੀ ਕੈਦ

ਲੰਡਨ, 25 ਮਈ (ਪੋਸਟ ਬਿਊਰੋ):ਜਾਅਲੀ ਡਿਜ਼ਾਈਨਰ ਕੱਪੜੇ ਘੁਟਾਲੇ ਦੇ ਮਾਸਟਰਮਾਈਂਡ ਭਾਰਤੀ ਮੂਲ ਦੇ ਆਰਿਫ ਪਟੇਲ ਨੂੰ ਵੀਰਵਾਰ ਨੂੰ ਯੂਕੇ ਵਿੱਚ ਟੈਕਸ ਧੋਖਾਧੜੀ ਦੇ ਮਾਮਲੇ ਵਿੱਚ 20 ਸਾਲ ਕੈਦ ਦੀ ਸਜ਼ਾ ਸੁਣਾਈ ਗਈ। ਪਟੇਲ 'ਤੇ ਕੱਪੜਿਆਂ ਅਤੇ ਮੋਬਾਈਲ ਫੋਨਾਂ ਦੇ ਧੋਖੇ ਨਾਲ ਨਿਰਯਾਤ 'ਤੇ ਵੈਟ ਰਿਫੰਡ ਦਾ ਦਾਅਵਾ ਕਰਕੇ 97 ਮਿਲੀਅਨ ਪੌਂਡ ਦੇ ਟੈਕਸ ਤੋਂ ਬਚਣ ਲਈ ਅਪਰਾਧਿਕ ਗਿਰੋਹ ਨਾਲ ਮਿਲੀਭੁਗਤ ਕਰਨ ਦਾ ਦੋਸ਼ ਸੀ।

ਜੁਰਾਬਾਂ ਬਣਾਉਣ ਵਾਲੇ 55 ਸਾਲਾ ਆਰਿਫ ਪਟੇਲ ਨੂੰ ਪਿਛਲੇ ਮਹੀਨੇ ਦੋਸ਼ੀ ਪਾਇਆ ਗਿਆ ਸੀ। ਬ੍ਰਿਟੇਨ ਦੇ ਟੈਕਸ ਵਿਭਾਗ ਨੇ ਪਟੇਲ ਨੂੰ ਦੋਸ਼ੀ ਪਾਇਆ, ਜਿਸ ਨੂੰ ਦੇਸ਼ ਦੇ ਇਤਿਹਾਸ ਵਿੱਚ ਧੋਖਾਧੜੀ ਵਾਲੇ ਟੈਕਸ ਚੋਰੀ ਦੇ ਸਭ ਤੋਂ ਵੱਡੇ ਮਾਮਲਿਆਂ ਵਿੱਚੋਂ ਇੱਕ ਦੱਸਿਆ ਗਿਆ ਹੈ। ਚੈਸਟਰ ਕਰਾਊਨ ਕੋਰਟ ਵਿੱਚ 14 ਹਫ਼ਤਿਆਂ ਦੇ ਮੁਕੱਦਮੇ ਤੋਂ ਬਾਅਦ ਪਟੇਲ ਨੂੰ ਝੂਠਾ ਲੇਖਾ, ਜਨਤਕ ਮਾਲੀਏ ਨੂੰ ਧੋਖਾ ਦੇਣ ਦੀ ਸਾਜ਼ਿਸ਼, ਨਕਲੀ ਕੱਪੜੇ ਵੇਚਣ ਅਤੇ ਮਨੀ ਲਾਂਡਰਿੰਗ ਦਾ ਦੋਸ਼ੀ ਪਾਇਆ ਗਿਆ ਅਤੇ ਸਜ਼ਾ ਸੁਣਾਈ ਗਈ।

ਰਾਇਲ ਰੈਵੇਨਿਊ ਐਂਡ ਕਸਟਮਜ਼ (ਐਚਐਮਆਰਸੀ) ਵਿਖੇ ਧੋਖਾਧੜੀ



ਜਾਂਚ ਸੇਵਾ ਦੇ ਨਿਰਦੇਸ਼ਕ ਰਿਚਰਡ ਲਾਸ ਨੇ ਪਿਛਲੇ ਮਹੀਨੇ ਇੱਕ ਸੁਣਵਾਈ ਨੂੰ ਦੱਸਿਆ ਸੀ ਕਿ ਆਰਿਫ ਪਟੇਲ ਕਾਨੂੰਨ ਦੀ ਪਾਲਣਾ ਕਰਨ ਵਾਲੇ ਜ਼ਿਆਦਾਤਰ ਲੋਕਾਂ ਦੇ ਪੈਸੇ 'ਤੇ ਆਲੀਸ਼ਾਨ ਜੀਵਨ ਬਤੀਤ ਕਰਦਾ ਸੀ।

ਉਸਨੇ ਕਿਹਾ ਕਿ ਇੱਕ ਦਹਾਕੇ ਤੋਂ ਵੱਧ ਸਮੇਂ ਤੋ ਐਚਐਮਆਰਸੀ ਅਤੇ ਸਾਡੇ ਭਾਈਵਾਲਾਂ ਨੇ ਇਸ ਗਿਰੋਹ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਮਿਲ ਕੇ ਸਖਤ ਮਿਹਨਤ ਕੀਤੀ ਹੈ। ਇਸ ਗਿਰੋਹ ਨੇ ਬ੍ਰਿਟਿਸ਼ ਸੰਪਤੀ ਦੇ 78 ਮਿਲੀਅਨ ਪੌਂਡ ਤੋਂ ਵੱਧ ਦਾ ਗਬਨ ਕੀਤਾ ਅਤੇ ਇਸ ਰਕਮ ਦੀ ਵਸੂਲੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਆਰਿਫ ਦੇ ਇੱਕ ਸਹਿ-ਦੋਸ਼ੀ, ਮੁਹੰਮਦ ਜਾਫਰ ਅਲੀ, 58, ਦੁਬਈ, ਜਿਸ ਨੇ ਐਚਐਮਆਰਸੀ ਅਤੇ ਮਨੀ ਲਾਂਡਰਿੰਗ ਨੂੰ ਧੋਖਾ ਦੇਣ ਦੀ ਸਾਜ਼ਿਸ਼ ਰਚਣ ਦਾ ਦੋਸ਼ੀ ਮੰਨਿਆ, ਨੂੰ ਵੀ ਸ਼ੁੱਕਰਵਾਰ ਨੂੰ 11 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ।

# "ਸਾਨੂੰ ਭੋਜਨ ਚਾਹੀਦਾ ਹੈ, ਤੰਬਾਕੂ ਨਹੀਂ"



-ਸੁਰਜੀਤ ਸਿੰਘ ਫਲੋਰਾ-

ਤੰਬਾਕੂ ਇੱਕ ਹਾਨੀਕਾਰਕ ਪਦਾਰਥ ਹੈ; ਤੰਬਾਕੂ ਚਬਾਉਣ ਜਾਂ ਪੀਣ ਨਾਲ ਕਈ ਬਿਮਾਰੀਆਂ ਹੋ ਸਕਦੀਆਂ ਹਨ।

ਤੰਬਾਕੂ ਦੀ ਵਰਤੋਂ ਕਾਰਨ ਹਰ ਸਾਲ ਦੁਨੀਆ ਭਰ ਵਿੱਚ ਲੱਖਾਂ ਲੋਕ ਕੈਂਸਰ ਨਾਲ ਮਰਦੇ ਹਨ, ਇਸ ਲਈ ਤੰਬਾਕੂਨੋਸ਼ੀ ਕਾਰਨ ਹੋਣ ਵਾਲੇ ਨੁਕਸਾਨਾਂ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ। ਦਿਲ ਨਾਲ ਸਬੰਧਤ ਬਿਮਾਰੀਆਂ ਵਿੱਚ ਵਾਧਾ ਜ਼ਿਆਦਾਤਰ ਸਿਗਰਟਨੋਸ਼ੀ ਕਾਰਨ ਹੁੰਦਾ ਹੈ।

ਤੰਬਾਕੂ ਵਿੱਚ ਨਿਕੋਟੀਨ ਹੁੰਦਾ ਹੈ, ਜੋ ਤੁਹਾਡੇ ਖੂਨ ਵਿੱਚ ਘੁੰਮਦਾ ਹੈ ਅਤੇ ਤੁਹਾਡੇ ਸਰੀਰ ਨੂੰ ਇਸਦਾ ਆਦੀ ਬਣਾਉਂਦਾ ਹੈ। ਤੰਬਾਕੂ ਵਿੱਚ ਪਾਇਆ ਜਾਣ ਵਾਲਾ ਨਿਕੋਟੀਨ ਮੂੰਹ ਰਾਹੀਂ ਦਾਖਲ ਹੋ ਕੇ ਤੁਹਾਡੇ ਫੇਫੜਿਆਂ, ਦਿਲ, ਪੇਟ ਅਤੇ ਖੂਨ ਦੀਆਂ ਨਾੜੀਆਂ ਨੂੰ ਗੰਭੀਰ ਨੁਕਸਾਨ ਪਹੁੰਚਾ ਸਕਦਾ ਹੈ।

### ਬਾਂਝਪਨ

ਸਿਗਰਟਨੋਸ਼ੀ ਕਿਸੇ ਦੀ ਮੌਤ ਨੂੰ ਪ੍ਰਭਾਵਿਤ ਕਰ ਸਕਦੀ ਹੈ, ਜਿਸ ਨਾਲ ਗਰਭ ਧਾਰਨ ਕਰਨਾ ਮੁਸ਼ਕਲ ਹੋ ਜਾਂਦਾ ਹੈ। ਸਿਗਰਟਨੋਸ਼ੀ ਅਤੇ ਤੰਬਾਕੂ ਦੇ ਧੂੰਏਂ ਦੇ ਸੰਪਰਕ ਵਿੱਚ ਆਉਣ ਨਾਲ ਪ੍ਰਜਨਨ ਪ੍ਰਣਾਲੀ ਨੂੰ ਨੁਕਸਾਨ ਹੋ ਸਕਦਾ ਹੈ। ਇਹ ਸ਼ੁਕਰਾਣੂ ਵਿਚਲੇ ਡੀਐਨਏ ਨੂੰ ਵੀ ਨੁਕਸਾਨ ਪਹੁੰਚਾ ਸਕਦਾ ਹੈ। ਧੂੰਆਂ ਰਹਿਤ ਤੰਬਾਕੂ ਅੰਡਕੋਸ਼ ਦੇ ਕਾਰਜ,ਗੁਣਵੱਤਾ, ਅਤੇ ਹਾਰਮੋਨਲ ਨਿਯਮ ਨੂੰ ਪ੍ਰਭਾਵਿਤ ਕਰਦਾ ਹੈ। ਇਸ ਦਾ ਮਾਂ ਅਤੇ ਬੱਚੇ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਗਰਭ ਅਵਸਥਾ ਦੌਰਾਨ ਸਿਗਰਟਨੋਸ਼ੀ ਕਈ ਪੇਚੀਦਗੀਆਂ ਦੇ ਜੋਖਮ ਨੂੰ ਵਧਾਉਂਦੀ ਹੈ, ਜਿਵੇਂ ਕਿ ਸਮੇਂ ਤੋਂ ਪਹਿਲਾਂ ਜਨਮ ਅਤੇ ਜਣੇਪੇ, ਜਨਮ ਦੇ ਨੁਕਸਾਨ, ਅਚਾਨਕ ਬਾਲ ਮੌਤ ਸਿੰਡਰੋਮ , ਗਰਭਪਾਤ, ਅਤੇ ਐਕਟੋਪਿਕ ਗਰਭ ਅਵਸਥਾ ਆਦਿ।

### ਮੂੰਹ ਦੇ ਕੈਂਸਰ ਦੇ ਨਾਲ-ਨਾਲ ਹੋਰ ਕਿਸਮ ਦੇ ਕੈਂਸਰ ਦਾ ਖ਼ਤਰਾ

ਜੇਕਰ ਤੁਸੀਂ ਹਰ ਰੋਜ਼ ਤੰਬਾਕੂ ਦੀ ਵਰਤੋਂ ਕਰਦੇ ਹੋ, ਤਾਂ ਇਸ ਨਾਲ ਮੂੰਹ ਦਾ ਕੈਂਸਰ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ। ਤੰਬਾਕੂ ਉਤਪਾਦਾਂ ਦਾ ਸੇਵਨ ਕਰਨ ਨਾਲ ਗੱਲ੍ਹਾਂ, ਮਸੂੜਿਆਂ ਅਤੇ ਜੀਭ ਦਾ ਕੈਂਸਰ ਹੋ ਸਕਦਾ ਹੈ। ਇਨ੍ਹਾਂ ਤੋਂ ਇਲਾਵਾ ਤੰਬਾਕੂ ਦੇ ਸੇਵਨ ਕਾਰਨ ਗਲੇ, ਗੁਰਦੇ ਅਤੇ ਪੈਨਕ੍ਰੀਆਟਿਕ ਕੈਂਸਰ ਵੀ ਦੇਖਣ ਨੂੰ ਮਿਲਦੇ ਹਨ। ਬਹੁਤ ਸਾਰੇ ਅਧਿਐਨ ਹੋਏ ਹਨ ਜੋ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਤੰਬਾਕੂ ਦੀ ਵਰਤੋਂ ਇਨਸੁਲਿਨ ਪ੍ਰਤੀਰੋਧ, ਹਾਈ ਬਲੱਡ ਪ੍ਰੈਸ਼ਰ, ਪੁਰਾਣੀ ਸਾਹ ਦੀ ਬਿਮਾਰੀ, ਅਤੇ ਓਸਟੀਓਪੋਰੋਸਿਸ ਦਾ ਕਾਰਨ ਬਣਦੀ ਹੈ।

ਵਿਸ਼ਵ ਸਿਹਤ ਸੰਗਠਨ ਤੰਬਾਕੂ ਦੀ ਵਰਤੋਂ ਵਿਰੁੱਧ ਚੇਤਾਵਨੀ ਦੇਣ ਅਤੇ ਜਾਨਾਂ ਬਚਾਉਣ ਲਈ 31 ਮਈ ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਉਂਦਾ ਹੈ।

31 ਮਈ, 2023 ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਲਈ 'ਸਾਨੂੰ ਭੋਜਨ ਦੀ ਲੋੜ ਹੈ, ਤੰਬਾਕੂ ਦੀ ਨਹੀਂ' ਥੀਮ ਹੈ। ਇਸ ਸਾਲ ਦਾ ਇਸ਼ਤਿਹਾਰ ਤੰਬਾਕੂ ਉਤਪਾਦਕਾਂ ਲਈ ਬਦਲਵੀਂ ਫ਼ਸਲ ਦੀ ਕਾਸ਼ਤ ਅਤੇ ਮੰਡੀਕਰਨ 'ਤੇ ਜ਼ੋਰ ਦਿੰਦਾ ਹੈ। ਅਸੀਂ ਟਿਕਾਊ ਅਤੇ ਪੌਸ਼ਟਿਕ ਖੇਤੀ ਦਾ ਸਮਰਥਨ ਕਰਕੇ ਇੱਕ ਸਿਹਤਮੰਦ ਅਤੇ ਅਮੀਰ ਭਵਿੱਖ ਸੁਰੱਖਿਅਤ ਕਰ ਸਕਦੇ ਹਾਂ।

ਇੱਕ ਸਰਵੇਖਣ ਅਨੁਸਾਰ 40 ਫੀਸਦੀ ਕੈਂਸਰ ਤੰਬਾਕੂ ਦੀ ਵਰਤੋਂ ਨਾਲ ਹੁੰਦੇ ਹਨ। ਤੰਬਾਕੂ 4000 ਜ਼ਹਿਰੀਲੇ ਰਸਾਇਣਾਂ ਦਾ ਮਿਸ਼ਰਣ ਹੈ। ਨਿਕੋਟੀਨ ਅਤੇ ਨਾਈਟ੍ਰੋਜਨ ਮਿਸ਼ਰਣਾਂ ਨੂੰ ਮਨੁੱਖੀ ਸਿਹਤ ਲਈ ਸਭ ਤੋਂ ਵੱਧ ਹਾਨੀਕਾਰਕ ਕਰਾਰ ਦਿੱਤਾ ਗਿਆ ਹੈ। ਇਹ ਜ਼ਹਿਰੀਲੇ ਹਿੱਸੇ ਦਿਲ, ਦਿਮਾਗ, ਗੁਰਦੇ, ਸਾਹ ਪ੍ਰਣਾਲੀ ਅਤੇ ਪ੍ਰਜਨਨ ਪ੍ਰਣਾਲੀ 'ਤੇ ਬੁਰਾ ਪ੍ਰਭਾਵ ਪਾਉਂਦੇ ਹਨ। ਨਿਕੋਟੀਨ ਦਿਲ ਦੀ ਧੜਕਣ ਅਤੇ ਬਲੱਡ ਪ੍ਰੈਸ਼ਰ ਨੂੰ ਵਧਾਉਂਦੀ ਹੈ। ਇਸ ਦੀ ਵਰਤੋਂ ਨਾਲ ਦਿਲ ਦੇ ਦੌਰੇ ਦਾ ਖ਼ਤਰਾ ਵੱਧ ਜਾਂਦਾ ਹੈ। ਇਸ ਤੋਂ ਇਲਾਵਾ ਖੂਨ ਦੀਆਂ ਨਾੜੀਆਂ ਦੇ ਤੰਗ ਹੋਣ ਨਾਲ ਦਿਮਾਗ ਦੀਆਂ ਨਾੜੀਆਂ ਦੇ ਫਟਣ ਦਾ ਖ਼ਤਰਾ ਵਧ ਜਾਂਦਾ ਹੈ। ਸਿਗਰਟ ਪੀਣ ਨਾਲ ਅਸਤਮਾ ਆਸਾਨੀ ਨਾਲ ਵਧ ਜਾਂਦਾ ਹੈ। ਇਹ ਵਿਅਕਤੀ ਨੂੰ ਸਮੇਂ ਤੋਂ ਪਹਿਲਾਂ ਬੁੱਢਾ ਬਣਾ ਦਿੰਦਾ ਹੈ।

ਸਰਕਾਰੀ ਅਤੇ ਗੈਰ-ਸਰਕਾਰੀ ਸੰਸਥਾਵਾਂ ਇਸ ਦਿਨ ਮਨੁੱਖਤਾ ਲਈ ਸਿਗਰਟਨੋਸ਼ੀ ਛੱਡਣ ਦੇ ਮਹੱਤਵ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕਈ ਪਹਿਲਕਦਮੀਆਂ ਕਰਦੀਆਂ ਹਨ। ਤੰਬਾਕੂ ਦੀ ਵਰਤੋਂ ਕਰਨ ਵਾਲੇ ਮਾਪਿਆਂ ਦੇ ਨਵਜੰਮੇ ਬੱਚੇ ਵੀ ਕਈ ਵਾਰ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੁੰਦੇ ਹਨ ਜਾਂ ਉਨ੍ਹਾਂ ਦੀ ਸਿਹਤ ਠੀਕ ਨਹੀਂ ਹੁੰਦੀ।

### ਭਾਰਤ ਵਿੱਚ ਸਿਗਰਟਨੋਸ਼ੀ ਦੀ ਸਥਿਤੀ .ਧੂੰਆਂ-ਮੁਕਤ ਸੰਸਾਰ ਲਈ ਫਾਊਂਡੇਸ਼ਨ

ਦੋ ਲੱਖ ਲੋਕ ਮਾਰੇ ਗਏ। ਦੁਨੀਆ ਭਰ ਵਿੱਚ ਧੂੰਏਂ ਰਹਿਤ ਤੰਬਾਕੂ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਬੋਝ ਦੇ ਤਿੰਨ ਚੌਥਾਈ ਤੋਂ ਵੱਧ ਲਈ ਭਾਰਤ ਜ਼ਿੰਮੇਵਾਰ ਹੈ। ਖਾਸ ਤੌਰ 'ਤੇ, ਧੂੰਏਂ ਰਹਿਤ ਤੰਬਾਕੂ ਦੀ ਵਰਤੋਂ ਪ੍ਰਤੀ ਸਾਲ 350,000 ਤੋਂ ਵੱਧ ਮੌਤਾਂ ਹੁੰਦੀਆਂ ਹਨ।

ਇਸ ਤੋਂ ਇਲਾਵਾ, ਭਾਰਤ ਆਪਣਾ ਜ਼ਿਆਦਾਤਰ ਤੰਬਾਕੂ ਨੇਪਾਲ, ਸੰਯੁਕਤ ਅਰਬ ਅਮੀਰਾਤ ਅਤੇ ਸੰਯੁਕਤ ਰਾਜ ਅਮਰੀਕਾ ਨੂੰ ਨਿਰਯਾਤ ਕਰਦਾ ਹੈ, ਅਤੇ ਤੰਬਾਕੂ ਦਾ ਵਿਸ਼ਵ ਦਾ ਸਭ ਤੋਂ ਵੱਡਾ ਨਿਰਯਾਤਕ ਹੈ।

ਚੀਨ ਵਿੱਚ ਸਭ ਤੋਂ ਵੱਧ ਤੰਬਾਕੂ ਖਪਤਕਾਰ (300.8 ਮਿਲੀਅਨ) ਹਨ, ਇਸ ਤੋਂ ਬਾਅਦ ਭਾਰਤ (274.9 ਮਿਲੀਅਨ) ਹਨ। ਚੀਨ ਵਿੱਚ ਸਿਗਰਟਨੋਸ਼ੀ ਕਰਨ ਵਾਲਿਆਂ ਦੀ ਸਭ ਤੋਂ ਵੱਧ ਸੰਖਿਆ (300,7 ਮਿਲੀਅਨ) ਹੈ, ਜਦੋਂ ਕਿ ਭਾਰਤ ਵਿੱਚ ਸਿਗਰਟ ਰਹਿਤ ਤੰਬਾਕੂ ਖਪਤਕਾਰਾਂ ਦੀ ਸਭ ਤੋਂ ਵੱਧ ਸੰਖਿਆ (205,9 ਮਿਲੀਅਨ) ਹੈ। ਰੂਸ ਇੱਕ ਆਉਣ ਵਾਲੇ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਰੂਸ ਵਿੱਚ ਸਭ ਤੋਂ ਵੱਧ ਮਰਦ ਸਿਗਰਟਨੋਸ਼ੀ ਦਾ ਪ੍ਰਚਲਨ ਹੈ (60.2%)।

ਅਮਰੀਕਾ ਵਿੱਚ ਹਰ ਸਾਲ 480,000 ਤੋਂ ਵੱਧ ਮੌਤਾਂ ਹੁੰਦੀਆਂ ਹਨ। ਮਰਦਾਂ ਦੀ ਮੌਤ ਪ੍ਰਤੀ ਸਾਲ 278,544 ਦੀ ਦਰ ਨਾਲ ਹੁੰਦੀ ਹੈ ਜਿਥੇ ਕਿ ਹਰ ਸਾਲ, 201,773 ਔਰਤਾਂ ਦੀ ਮੌਤ ਹੋ ਜਾਂਦੀ ਹੈ।

ਸੰਯੁਕਤ ਰਾਜ ਵਿੱਚ, ਤੰਬਾਕੂਨੋਸ਼ੀ ਨਾਲ ਸਬੰਧਤ ਬਿਮਾਰੀ ਹਰ ਸਾਲ $600 ਬਿਲੀਅਨ ਤੋਂ ਵੱਧ ਖਰਚ ਕਰਦੀ ਹੈ, ਜਿਸ ਵਿੱਚ ਬਾਲਗਾਂ ਲਈ ਸਿੱਧੇ ਡਾਕਟਰੀ ਇਲਾਜ ਵਿੱਚ $241 ਬਿਲੀਅਨ ਤੋਂ ਵੱਧ ਅਤੇ ਉਤਪਾਦਕਤਾ ਵਿੱਚ $184 ਬਿਲੀਅਨ ਸ਼ਾਮਲ ਹਨ। ਸੈਕਿੰਡਹੈਂਡ ਸਿਗਰਟਨੋਸ਼ੀ ਹਰ ਉਮਰ ਦੇ ਵਿਅਕਤੀਆਂ ਲਈ ਇੱਕ ਗੰਭੀਰ ਸਿਹਤ ਜੋਖ਼ਮ ਹੈ, ਜਿਸਦੇ ਨਤੀਜੇ ਵਜੋਂ ਹਰ ਸਾਲ 41,000 ਤੋਂ ਵੱਧ ਮੌਤਾਂ ਹੁੰਦੀਆਂ ਹਨ।

ਹਰ ਰੋਜ਼, ਤੰਬਾਕੂਨੋਸ਼ੀ ਨਾਲ ਸਬੰਧਤ ਬਿਮਾਰੀਆਂ ਲਗਭਗ 125 ਕੈਨੇਡੀਅਨਾਂ ਅਤੇ ਸਾਲਾਨਾ ਲਗਭਗ 48,000 ਕੈਨੇਡੀਅਨਾਂ ਦੀਆਂ ਜਾਨਾਂ ਜਾਂਦੀਆਂ ਹਨ।

ਗਲੋਬਲ ਐਡਲਟ ਤੰਬਾਕੂ ਸਰਵੇਖਣ ਦੇ ਅਨੁਸਾਰ, 80,000 ਤੋਂ 100,000 ਦੇ ਵਿਚਕਾਰ ਨੌਜਵਾਨ ਹਾਣੀਆਂ ਦੇ ਦਬਾਅ, ਪਰਿਵਾਰ ਜਾਂ ਰਿਸ਼ਤੇਦਾਰਾਂ ਦੇ ਪ੍ਰਭਾਵ, ਸਿਗਰੇਟ ਦੇ ਸੰਪਰਕ ਵਿੱਚ ਆਉਣ, ਤੰਬਾਕੂ ਉਤਪਾਦਾਂ ਤੱਕ ਪਹੁੰਚ ਵਿੱਚ ਆਸਾਨੀ, ਅਤੇ ਅਨੁਕੂਲ ਵਾਤਾਵਰਣ ਸਥਿਤੀਆਂ ਕਾਰਨ ਹਰ ਰੋਜ਼ ਸਿਗਰਟ ਪੀਣੀ ਸ਼ੁਰੂ ਕਰਦੇ ਹਨ। ਖੋਜ ਦਰਸਾਉਂਦੀ ਹੈ ਕਿ 7 ਸਾਲ ਤੋਂ ਘੱਟ ਉਮਰ ਦੇ ਬੱਚੇ ਆਪਣੇ ਮਾਪਿਆਂ ਦੇ ਲੁਭਾਉਣ ਕਾਰਨ ਸਿਗਰਟ ਪੀਂਦੇ ਹਨ ਅਤੇ ਆਪਣੇ ਘਰਾਂ ਵਿੱਚ ਨਿਯਮਤ ਤੌਰ 'ਤੇ ਤੰਬਾਕੂ ਦੇ ਸੰਪਰਕ ਵਿੱਚ ਰਹਿੰਦੇ ਹਨ।

ਇਹ ਰੁਝਾਨ ਇੰਨਾ ਮਜ਼ਬੂਤ ਹੈ ਕਿ ਜੇਕਰ ਪਰਿਵਾਰਾਂ ਦੇ ਆਧਾਰ 'ਤੇ ਦਿਸ਼ਾ-ਨਿਰਦੇਸ਼ਾਂ ਦੀ ਸਥਾਪਨਾ ਨਹੀਂ ਕੀਤੀ ਜਾਂਦੀ, ਤਾਂ ਅਜਿਹੇ ਘਰਾਂ ਦੇ ਬੱਚਿਆਂ ਨੂੰ ਗੈਰ-ਸੰਚਾਰੀ ਬਿਮਾਰੀਆਂ ਦੇ ਵਿਕਾਸ ਦਾ ਜ਼ਿਆਦਾ ਖ਼ਤਰਾ ਹੁੰਦਾ ਹੈ। ਕੁਝ ਦਿਲ ਅਤੇ ਸਾਹ ਦੀਆਂ ਬਿਮਾਰੀਆਂ, ਜਿਵੇਂ ਕਿ ਦਮਾ, ਛੋਟੀ ਉਮਰ ਵਿੱਚ ਅਚਾਨਕ ਬਾਲ ਮੌਤ ਦਾ ਸਾਹਮਣਾ ਕਰਦੇ ਹਨ।

ਤੰਬਾਕੂ ਦੀ ਕੀਮਤ ਸਮੁੱਚੀ ਉਤਪਾਦ ਦੀ ਲਾਗਤ ਜਾਂ ਸਹਾਇਤਾ ਦਾ ਇੱਕ ਛੋਟਾ ਜਿਹਾ ਹਿੱਸਾ ਸੀ, ਇਸਲਈ ਤੰਬਾਕੂ ਨਿਰਮਾਤਾਵਾਂ ਨੇ ਅਸਲ ਵਿੱਚ ਕਿਸੇ ਨਾ ਕਿਸੇ ਤਰੀਕੇ ਨਾਲ ਪਰਵਾਹ ਨਹੀਂ ਕੀਤੀ। ਹਾਲਾਂਕਿ, ਇਸਨੇ ਸਰਕਾਰੀ ਵਿਗਿਆਨੀਆਂ ਅਤੇ ਸਿਗਰਟਨੋਸ਼ੀ ਕਰਨ ਵਾਲਿਆਂ ਨੂੰ ਖੁਸ਼ ਕੀਤਾ ਜੋ ਨਿਕੋਟੀਨ ਅਤੇ ਟਾਰ ਦੇ ਪੱਧਰ ਨੂੰ ਘਟਾਉਣਾ ਚਾਹੁੰਦੇ ਸਨ। ਇਹ ਕੁਦਰਤੀ ਹੈ ਕਿ ਵਿਗਿਆਨੀਆਂ ਅਤੇ ਸਿਗਰਟਨੋਸ਼ੀ ਕਰਨ ਵਾਲੇ ਦੋਵਾਂ ਨੇ ਇਸ ਤੱਥ ਨੂੰ ਨਜ਼ਰਅੰਦਾਜ਼ ਕਰਨਾ ਚੁਣਿਆ ਹੈ ਕਿ ਸਿਗਰਟਨੋਸ਼ੀ ਕਰਨ ਵਾਲੇ ਲੰਬੇ ਅਤੇ ਡੂੰਘੇ ਸਾਹ ਲੈਣ ਦੇ ਨਾਲ-ਨਾਲ ਜ਼ਿਆਦਾ ਸਿਗਰੇਟ ਪੀ ਕੇ ਇਸ ਦੀ ਪੂਰਤੀ ਕਰਦੇ ਹਨ। ਜੇ ਉਹ ਹੋਰ ਸਿਗਰਟਾਂ ਖਰੀਦਦੇ,ਜਿਸ ਦਾ ਟੈਕਸ ਸਰਕਾਰਾਂ ਨੂੰ ਸਿੱਧਾ ਜਾਂਦਾ ਹੈ, ਤੇ ਇਸ ਪ੍ਰਤੀ ਚੁਪ ਧਾਰੀ ਬੈਠੀਆਂ ਹਨ। ਸੱਚਮੁੱਚ! "ਪੈਸੇ ਨੂੰ ਕੌਣ ਪਿਆਰ ਨਹੀਂ ਕਰਦਾ?" ਪਰ ਇਹ ਨਵੀਂ ਪੀੜ੍ਹੀ ਨੂੰ ਬਰਬਾਦ ਕਰ ਰਿਹਾ ਹੈ ਜਿਸ ਵਾਰੇ ਸਰਕਾਰਾਂ ਅਤੇ ਆਮ ਜੰਨਤਾਂ ਨੂੰ ਕੁਝ ਠੋਸ ਕਦਮ ਚੁਕਣ ਦੀ ਲੋੜ ਹੈ।

# ਮੁੱਖ ਸਕੱਤਰ ਨੇ ਕੌਮੀ ਮਾਰਗਾਂ ਅਤੇ ਰੇਲਵੇ ਪ੍ਰਾਜੈਕਟਾਂ ਲਈ ਰਹਿੰਦੇ ਕੰਮ ਜਲਦ ਪੂਰਾ ਕਰਨ ਦੇ ਦਿੱਤੇ ਹੁਕਮ



ਚੰਡੀਗੜ੍ਹ, 25 ਮਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਨੇ ਵੀਰਵਾਰ ਨੂੰ ਸੂਬੇ ਵਿੱਚ ਬਣਨ ਵਾਲੇ ਕੌਮੀ ਮਾਰਗਾਂ ਅਤੇ ਰੇਲਵੇ ਪ੍ਰਾਜੈਕਟਾਂ ਦੇ ਕੰਮ ਦੀ ਸਮੀਖਿਆ ਕਰਦੇ ਰਹਿੰਦੇ ਕੰਮ ਜਲਦ ਪੂਰਾ ਕਰਨ ਦੇ ਆਦੇਸ਼ ਦਿੱਤੇ। ਕੌਮੀ ਹਾਈਵੇਜ਼ ਅਥਾਰਟੀ (ਐਨ.ਐਚ.ਏ.ਆਈ.) ਦੇ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਦਿਆਂ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਜ਼ਮੀਨ ਐਕਵਾਇਰ ਦੀ ਪ੍ਰਕਿਰਿਆ ਤੁਰੰਤ ਮੁਕੰਮਲ ਕਰਨ ਅਤੇ ਸਬੰਧਤ ਵਿਅਕਤੀਆਂ ਨੂੰ ਮੁਆਵਜ਼ਾ ਅਦਾ ਕਰਨ ਤਾਂ ਜੋ ਮਾਰਗਾਂ ਦੀ ਉਸਾਰੀ ਸਮੇਂ ਸਿਰ ਹੋ ਸਕੇ।

ਅੱਜ ਇਥੇ ਸਬੰਧਤ ਵਿਭਾਗਾਂ ਦੇ ਉਚ ਅਧਿਕਾਰੀਆਂ, ਐਨ.ਐਚ.ਏ.ਆਈ. ਦੇ ਅਧਿਕਾਰੀਆਂ ਅਤੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਦੌਰਾਨ ਜੰਜੂਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਵਿੱਚ ਚੱਲ ਰਹੇ ਕੌਮੀ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ਾਂ ਦੇ ਚੱਲਦਿਆਂ ਇਨ੍ਹਾਂ ਨੂੰ ਮੁਕੰਮਲ ਕੀਤਾ ਜਾਵੇ ਅਤੇ ਇਸ ਮਾਮਲੇ ਵਿੱਚ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨਾਂ ਨੂੰ ਮੁਆਵਜ਼ੇ ਦੇ ਰੂਪ ਵਿੱਚ 15 ਹਜ਼ਾਰ ਕਰੋੜ ਰੁਪਏ ਦੀ ਰਾਸ਼ੀ ਮਿਲਣੀ ਹੈ ਅਤੇ 40 ਹਜ਼ਾਰ ਕਰੋੜ ਰੁਪਏ ਦੀ ਲਾਗਤ ਦੀਆਂ ਸੜਕਾਂ ਦੀ ਉਸਾਰੀ ਹੋਣੀ ਹੈ। ਨਵੇਂ ਐਕਸਪ੍ਰੈਸ ਵੇਅ ਬਣਨ ਨਾਲ ਸੂਬੇ ਵਿੱਚ ਵਿਕਾਸ ਦੀ ਰਫਤਾਰ ਹੋਰ ਤੇਜ਼ ਹੋਵੇਗੀ ਅਤੇ ਨਿਵੇਸ਼ਕਾਂ ਨੂੰ ਵੱਡਾ ਹੁਲਾਰਾ ਮਿਲੇਗਾ।

ਮੁੱਖ ਸਕੱਤਰ ਨੇ ਜ਼ਿਲਾ ਵਾਰ ਸਮੀਖਿਆ ਕਰਦਿਆਂ ਹਰ ਪ੍ਰਾਜੈਕਟ ਦੇ ਅਸਲ ਕੰਮ ਦਾ ਜਾਇਜ਼ਾ ਲਿਆ ਅਤੇ ਇਨ੍ਹਾਂ ਨੂੰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਜਿਹੜੇ ਵਿਭਾਗ ਨਾਲ ਸਬੰਧਤ ਕੋਈ ਦਿੱਕਤ ਆਉਂਦੀ ਸੀ ਤਾਂ ਉਸ ਨੂੰ ਇਹ ਦੂਰ ਕਰਨ ਲਈ ਆਖਿਆ। ਉਨ੍ਹਾਂ ਮਾਲ ਵਿਭਾਗ ਤੇ ਡਿਪਟੀ ਕਮਿਸ਼ਨਰਜ਼ ਨੂੰ ਲੋੜ ਮੁਤਾਬਕ ਅਧਿਕਾਰੀਆਂ ਦੀ ਤਾਇਨਾਤੀ ਕਰਨ ਅਤੇ ਐਨ.ਐਚ.ਏ.ਆਈ. ਨੂੰ ਉਨ੍ਹਾਂ ਨਾਲ ਸਬੰਧਤ ਬਚੇ ਕੰਮਾਂ ਨੂੰ ਪੂਰਾ ਕਰਨ ਲਈ ਵੀ ਆਖਿਆ।

ਜੰਜੂਆ ਨੇ ਅੱਗੇ ਦੱਸਿਆ ਕਿ ਸੂਬੇ ਵਿੱਚ 15 ਗਰੀਨਫੀਲਡ ਐਕਸਪ੍ਰੈਸ ਵੇਅ ਬਣ ਰਹੇ ਹਨ ਜਿਨਾਂ ਦੀ ਲੰਬਾਈ 1173 ਕਿਲੋਮੀਟਰ ਹੈ ਅਤੇ 9 ਬਰਾਊਨਫੀਲਡ ਐਕਸਪ੍ਰੈਸ 436 ਕਿਲੋਮੀਟਰ ਦੀ ਲੰਬਾਈ ਦੇ ਬਣ ਰਹੇ ਹਨ। ਇਨ੍ਹਾਂ ਵਿੱਚ ਦਿੱਲੀ-ਅੰਮ੍ਰਿਤਸਰ-ਕੱਟੜਾ ਐਕਸਪ੍ਰੈਸ ਵੇਅ, ਅੰਮ੍ਰਿਤਸਰ-ਬਠਿੰਡਾ, ਲੁਧਿਆਣਾ-ਬਠਿੰਡਾ, ਮੁਹਾਲੀ-ਬਠਿੰਡਾ ਅਤੇ ਲੁਧਿਆਣਾ-ਰੋਪੜ, ਜਲੰਧਰ ਬਾਈਪਾਸ, ਅੰਮ੍ਰਿਤਸਰ ਬਾਈਪਾਸ, ਮੁਹਾਲੀ ਬਾਈਪਾਸ ਤੇ ਲੁਧਿਆਣਾ ਬਾਈਪਾਸ ਪ੍ਰਮੁੱਖ ਹਨ। ਮੀਟਿੰਗ ਵਿੱਚ ਟ੍ਰੈਫਿਕ ਪੁਲਿਸ ਵੱਲੋਂ ਉਠਾਏ ਮੁੱਦੇ ਉਤੇ ਮੁੱਖ ਸਕੱਤਰ ਨੇ ਅਥਾਰਟੀ ਅਧਿਕਾਰੀਆਂ ਨੂੰ ਆਖਿਆ ਕਿ ਨਵੇਂ ਮਾਰਗਾਂ ਵਿੱਚ ਟ੍ਰੈਫਿਕ ਦੀ ਵਿਵਸਥਾ ਸਥਾਨਕ ਲੋੜਾਂ ਨੂੰ ਦੇਖਦਿਆਂ ਕੀਤੀ ਜਾਵੇ ਤਾਂ ਜੋ ਬਾਅਦ ਵਿੱਚ ਲੋਕਾਂ ਨੂੰ ਮੁਸ਼ਕਲ ਨਾ ਆਵੇ।

ਮੀਟਿੰਗ ਵਿੱਚ ਵਿੱਤ ਕਮਿਸ਼ਨਰ ਮਾਲ ਕੇ.ਏ.ਪੀ.ਸਿਨਹਾ, ਵਧੀਕ ਮੁੱਖ ਸਕੱਤਰ ਜੰਗਲਾਤ ਵਿਕਾਸ ਗਰਗ, ਸਕੱਤਰ ਲੋਕ ਨਿਰਮਾਣ ਨੀਲ ਕੰਠ ਅਵਧ, ਐਨ.ਐਚ.ਏ.ਆਈ. ਦੇ ਸਲਾਹਕਾਰ ਹੁਸਨ ਲਾਲ, ਏ.ਡੀ.ਜੀ.ਪੀ. ਲਾਅ ਐਂਡ ਆਰਡਰ ਅਰਪਿਤ ਸ਼ੁਕਲਾ, ਏ.ਡੀ.ਜੀ.ਪੀ. ਟ੍ਰੈਫਿਕ ਏ.ਐਸ.ਰਾਏ, ਡਿਵੀਜ਼ਨਲ ਕਮਿਸ਼ਨਰ ਜਲੰਧਰ ਗੁਰਪ੍ਰੀਤ ਕੌਰ ਸਪਰਾ, ਡਿਵੀਜ਼ਨਲ ਕਮਿਸ਼ਨਰ ਰੋਪੜ ਇੰਦੂ ਮਲਹੋਤਰਾ ਤੇ ਐਨ.ਐਚ.ਆਰ.ਆਈ. ਦੇ ਪ੍ਰਾਜੈਕਟ ਡਾਇਰੈਕਟਰ ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਸਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਵੀਡਿਓ ਕਾਨਫਰੰਸਿੰਗ ਰਾਹੀਂ ਹਾਜ਼ਰ ਹੋਏ।


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।


# ਸ੍ਰੀ ਦਰਬਾਰ ਸਾਹਿਬ ਪੁੱਜਦੀ ਸੰਗਤ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਲਈ ਵੱਡੀ ਸਕਰੀਨ ਸਥਾਪਤ



ਅੰਮ੍ਰਿਤਸਰ, 25 ਮਈ (ਪੋਸਟ ਬਿਊਰੋ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀ ਸੰਗਤ ਨੂੰ ਇਸ ਪਾਵਨ ਅਸਥਾਨ ਦੇ ਇਤਿਹਾਸ, ਪ੍ਰੰਪਰਾਵਾਂ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ਾਂ ਬਾਰੇ ਜਾਣਕਾਰੀ ਦੇਣ ਲਈ ਇਕ ਵੱਡ-ਅਕਾਰੀ ਸਕਰੀਨ ਲਗਾਈ ਗਈ ਹੈ। ਇਹ ਸਕਰੀਨ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਦੁਆਰ ਦੇ ਨਜ਼ਦੀਕ ਲਗਾਈ ਗਈ ਹੈ, ਜਿਸ ਦੀ ਸੇਵਾ ਓਬਰਾਏ ਗਰੁੱਪ ਯੂਕੇ ਅਤੇ ਦੁਬਈ ਦੇ ਸ. ਜਸਪ੍ਰੀਤ ਸਿੰਘ ਨੇ ਕਰਵਾਈ ਹੈ। ਸਥਾਪਤ ਕੀਤੀ ਗਈ ਇਸ ਸਕਰੀਨ ’ਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਉਂਦੀਆਂ ਸੰਗਤਾਂ ਨੂੰ ਪੰਜਾਬੀ, ਅੰਗਰੇਜ਼ੀ ਅਤੇ ਹਿੰਦੀ ਤਿੰਨ ਭਾਸ਼ਾਵਾਂ ਵਿਚ ਵੱਖ-ਵੱਖ ਤਰ੍ਹਾਂ ਦੀਆਂ ਜਾਣਕਾਰੀਆਂ ਮੁਹੱਈਆ ਕਰਵਾਈਆਂ ਜਾਣਗੀਆਂ। ਸਕਰੀਨ ਦਾ ਉਦਘਾਟਨ ਕਰਨ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੂਰੇ ਵਿਸ਼ਵ ਦੀਆਂ ਸੰਗਤਾਂ ਲਈ ਆਸਥਾ ਦਾ ਕੇਂਦਰ ਹੈ ਅਤੇ ਇਥੇ ਨਤਮਸਤਕ ਹੋਣ ਮੌਕੇ ਪੰਜਾਬ ਤੋਂ ਇਲਾਵਾ ਦੇਸ਼ ਦੁਨੀਆਂ ਤੋਂ ਸੰਗਤਾਂ ਪੁੱਜਦੀਆਂ ਹਨ। ਉਨ੍ਹਾਂ ਕਿਹਾ ਕਿ ਸਕਰੀਨ ਲਗਾਉਣ ਦਾ ਮਕਸਦ ਸ਼ਰਧਾਲੂ ਸੰਗਤਾਂ ਨੂੰ ਇਤਿਹਾਸ ਤੋਂ ਵਾਕਫ ਕਰਵਾਉਣ ਦੇ ਨਾਲ-ਨਾਲ ਮਰਯਾਦਾ ਬਾਰੇ ਜਾਗਰੂਕ ਕਰਨਾ ਹੈ। ਇਸ ਦੇ ਨਾਲ ਹੀ ਕੁਝ ਲੋੜੀਂਦੇ ਦਿਸ਼ਾ ਨਿਰਦੇਸ਼ ਵੀ ਸੰਗਤ ਤੱਕ ਪੁੱਜਦਾ ਕਰਨੇ ਜ਼ਰੂਰੀ ਹਨ, ਜੋ ਇਸ ਸਕਰੀਨ ਜ਼ਰੀਏ ਉਬਾਰੇ ਜਾਣਗੇ। ਉਨ੍ਹਾਂ ਦੱਸਿਆ ਕਿ ਫਿਲਹਾਲ ਇਸ ’ਤੇ ਤਿੰਨ ਭਾਸ਼ਾਵਾਂ ਵਿਚ ਸੰਗਤ ਦੇ ਧਿਆਨ ਰੱਖਣਯੋਗ ਗੱਲਾਂ ਨੂੰ ਪ੍ਰਸਤੁਤ ਕੀਤਾ ਗਿਆ ਹੈ, ਜਦਕਿ ਅਗਲੇ ਦਿਨਾਂ ਅੰਦਰ ਇਤਿਹਾਸ ਨਾਲ ਸਬੰਧਤ ਜਾਣਕਾਰੀਆਂ ਵੀ ਸ਼ਾਮਲ ਕਰ ਦਿੱਤੀਆਂ ਜਾਣਗੀਆਂ। ਐਡਵੋਕੇਟ ਧਾਮੀ ਨੇ ਸਕਰੀਨ ਦੀ ਸੇਵਾ ਕਰਨ ਵਾਲੇ ਸ਼ਰਧਾਲੂਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਆਧੁਨਿਕ ਤਕਨੀਕਾਂ ਦੇ ਮਾਧਿਅਮ ਨਾਲ ਸੰਗਤ ਨੂੰ ਲੋੜੀਂਦੀਆਂ ਜਾਣਕਾਰੀਆਂ ਮੁਹੱਈਆ ਕਰਵਾਉਣ ਲਈ ਯਤਨ ਜਾਰੀ ਹਨ ਅਤੇ ਇਸੇ ਤਹਿਤ ਹੀ ਇਹ ਸਕਰੀਨ ਲਗਾਈ ਗਈ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸ਼ਰਧਾਲੂ ਇਸ ਤੋਂ ਜ਼ਰੂਰ ਲਾਭ ਲੈਣਗੇ। ਇਸ ਮੌਕੇ ਓਬਰਾਏ ਪਰਿਵਾਰ ਦੇ ਮੈਂਬਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ, ਨਿਸ਼ਾਨ ਸਿੰਘ, ਮਲਕੀਤ ਸਿੰਘ ਬਹਿੜਵਾਲ, ਮੀਡੀਆ ਇੰਚਾਰਜ ਹਰਭਜਨ ਸਿੰਘ ਵਕਤਾ ਅਤੇ ਹੋਰ ਮੌਜੂਦ ਸਨ।


NEED A LAWYER ??

Red Seal NOTARY

KAUR LAW OFFICE



REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION

Skilled Worker Category
Spousal & Family Sponsorship

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

# Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com







## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com



# ਪੀਐਲਐਫਆਈ ਨਾਲ ਸਬੰਧਤ ਦੋ ਨਕਸਲੀ ਗ੍ਰਿਫ਼ਤਾਰ, ਹਥਿਆਰ ਅਤੇ ਗੋਲਾ ਬਾਰੂਦ ਬਰਾਮਦ

ਝਾਰਖੰਡ, 25 ਮਈ (ਪੋਸਟ ਬਿਊਰੋ): ਝਾਰਖੰਡ ਦੇ ਖੁੰਟੀ ਜ਼ਿਲ੍ਹੇ ਵਿੱਚ ਪੁਲੀਸ ਨੇ ਪਾਬੰਦੀਸ਼ੁਦਾ ਜਥੇਬੰਦੀ ਪੀਪਲਜ਼ ਲਿਬਰੇਸ਼ਨ ਫਰੰਟ ਆਫ ਇੰਡੀਆ (ਪੀਐਲਐਫਆਈ) ਨਾਲ ਸਬੰਧਤ ਦੋ ਨਕਸਲੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਹਥਿਆਰ, ਗੋਲਾ ਬਾਰੂਦ ਅਤੇ ਵਿਸਫੋਟਕ ਸਮੱਗਰੀ ਬਰਾਮਦ ਕੀਤੀ ਹੈ। ਪੁਲਿਸ ਮੁਤਾਬਕ ਦੋਵਾਂ ਮਾਓਵਾਦੀਆਂ ਨੂੰ ਬੁੱਧਵਾਰ ਨੂੰ ਜ਼ਿਲ੍ਹੇ ਦੇ ਰਾਨੀਆ ਇਲਾਕੇ ਤੋਂ ਗ੍ਰਿਫ਼ਤਾਰ ਕੀਤਾ ਗਿਆ। ਜਦੋਂ ਉਹ ਹਥਿਆਰ ਬਣਾਉਣ ਦੀ ਸਮੱਗਰੀ ਤੋਂ ਇਲਾਵਾ ਹਥਿਆਰ, ਗੋਲਾ ਬਾਰੂਦ ਅਤੇ ਵਿਸਫੋਟਕ ਨੂੰ ਜੰਗਲ ਤੋਂ ਛੁਪਾਉਣ ਦੀ ਯੋਜਨਾ ਬਣਾ ਰਹੇ ਸਨ।



ਦੱਸ ਦੇਈਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੀਰਵਾਰ ਨੂੰ ਖੁੰਟੀ ਜ਼ਿਲੇ ਦੇ ਦੌਰੇ 'ਤੇ ਸਨ ਅਤੇ ਉਨ੍ਹਾਂ ਨੇ ਇਕ ਸਮਾਗਮ 'ਚ ਸ਼ਿਰਕਤ ਕੀਤੀ। ਪੁਲਿਸ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਪੀਐਲਐਫਆਈ ਸੁਪਰੀਮੋ ਦਿਨੇਸ਼ ਗੋਪ ਨੂੰ ਹਾਲ ਹੀ ਵਿੱਚ ਦਿੱਲੀ ਤੋਂ ਗ੍ਰਿਫਤਾਰ ਕੀਤਾ ਗਿਆ ਸੀ। ਉਸ 'ਤੇ 30 ਲੱਖ ਰੁਪਏ ਦਾ ਇਨਾਮ ਸੀ।

ਪੁਲਿਸ ਮੁਤਾਬਕ ਖੁਫੀਆ ਸੂਚਨਾ ਮਿਲੀ ਸੀ ਕਿ ਲਲਿਤ ਖੇਰਵਾਰ (45) ਅਤੇ ਸ਼ਿਵਨਾਰਾਇਣ ਸਿੰਘ ਉਰਫ਼ ਮਾਸਟਰ (48) ਵਜੋਂ ਪਛਾਣੇ ਗਏ ਦੋ ਪੀਐਲਐਫਆਈ ਨਕਸਲੀ ਹਥਿਆਰ ਅਤੇ ਗੋਲਾ ਬਾਰੂਦ ਰੱਖਣ ਲਈ ਜੰਗਲ ਵਿੱਚ ਲੁਕੇ ਹੋਏ ਹਨ। ਇਸ ਤੋਂ ਬਾਅਦ ਐਸਪੀ ਅਮਨ ਕੁਮਾਰ ਨੇ ਵਧੀਕ ਪੁਲੀਸ ਸੁਪਰਡੈਂਟ ਰਮੇਸ਼ ਕੁਮਾਰ ਦੀ ਅਗਵਾਈ ਹੇਠ ਛਾਪੇਮਾਰੀ ਟੀਮ ਦਾ ਗਠਨ ਕੀਤਾ। ਛਾਪੇਮਾਰੀ ਕਰਨ ਵਾਲੀ ਟੀਮ ਨੇ ਕਾਰਵਾਈ ਕਰਦੇ ਹੋਏ ਬੁੱਧਵਾਰ ਨੂੰ ਰਣੀਆ ਥਾਣੇ ਦੇ ਅਧੀਨ ਗੋਹਰੋਮ ਪਿੰਡ ਤੋਂ ਪੀਐੱਲਐੱਫਆਈ ਦੇ ਦੋਵੇਂ ਨਕਸਲੀਆਂ ਨੂੰ ਗ੍ਰਿਫਤਾਰ ਕੀਤਾ।

ਫੜ੍ਹੇ ਗਏ ਨਕਸਲੀਆਂ ਦੇ ਨਿਸ਼ਾਨਦੇਹੀ 'ਤੇ ਪੁਲਿਸ ਨੇ 35 ਨਗ ਜਿਲੇਟਿਨ ਸਟਿਕਸ, ਤਾਰ ਨਾਲ ਜੁੜੇ 35 ਡੈਟੋਨੇਟਰ, ਚਾਰ ਦੇਸੀ ਪਿਸਤੌਲ, 5.56 ਐਮਐਮ ਬੋਰ ਦੇ 4420 ਜਿੰਦਾ ਕਾਰਤੂਸ, 7.62ਣ39 ਐਮਐਮ ਬੋਰ ਦੇ 300 ਜਿੰਦਾ ਕਾਰਤੂਸ (ਏਕੇ 47 ਬੋਰ) ਬਰਾਮਦ ਕੀਤੇ ਹਨ।

# ਸਿਡਨੀ 'ਚ ਅੱਗ ਲੱਗਣ ਕਾਰਣ 7 ਮੰਜ਼ਿਲਾ ਇਮਾਰਤ ਦੇ ਡਿੱਗਣ ਦਾ ਖਤਰਾ

ਸਿਡਨੀ, 25 ਮਈ (ਪੋਸਟ ਬਿਊਰੋ): ਆਸਟ੍ਰੇਲੀਆ 'ਚ ਇਕ ਇਮਾਰਤ 'ਚ ਭਿਆਨਕ ਅੱਗ ਲੱਗਣ ਦੀ ਖਬਰ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਅੱਗ ਬਹੁਤ ਭਿਆਨਕ ਹੈ। ਇਸ ਦੀ ਭਿਆਨਕਤਾ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਸਿਡਨੀ ਸ਼ਹਿਰ 'ਚ ਲੱਗੀ ਇਸ ਅੱਗ ਕਾਰਨ 7 ਮੰਜ਼ਿਲਾ ਇਮਾਰਤ ਦੇ ਡਿੱਗਣ ਦਾ ਖਤਰਾ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਅੱਗ ਹੋਰ ਵੀ ਭਿਆਨਕ ਰੂਪ ਲੈ ਸਕਦੀ ਹੈ। ਸੂਚਨਾ ਮਿਲਦੇ ਹੀ ਪੁਲਸ ਪ੍ਰਸ਼ਾਸਨ 'ਚ ਹੜਕੰਪ ਮਚ ਗਿਆ। ਸਾਵਧਾਨੀ ਦੇ ਤੌਰ ਉਤੇ ਪੁਲਿਸ ਅਤੇ ਪ੍ਰਸ਼ਾਸਨ ਨੇ ਆਸਪਾਸ ਦੇ ਇਲਾਕਿਆਂ ਨੂੰ ਖਾਲੀ ਕਰਵਾ ਲਿਆ ਹੈ। ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਅੱਗ ਬੁਝਾਉਣ ਵਿੱਚ ਲੱਗੀਆਂ ਹੋਈਆਂ ਹਨ। ਹੁਣ ਤੱਕ ਮਿਲੀ ਜਾਣਕਾਰੀ ਮੁਤਾਬਕ ਅੱਗ ਕਾਰਨ ਕਿਸੇ ਜਾਨੀ ਨੁਕਸਾਨ ਦੀ ਕੋਈ ਖਬਰ ਨਹੀਂ ਹੈ।



ਇਹ ਅੱਗ ਆਸਟ੍ਰੇਲੀਆ ਦੇ ਸਿਡਨੀ ਸ਼ਹਿਰ ਤੋਂ ਲੱਗੀ ਹੈ। ਸੜਦੀ ਹੋਈ ਇਮਾਰਤ ਤੋਂ ਨਿਕਲਦਾ ਕਾਲਾ ਧੂੰਆਂ ਦੂਰੋਂ ਵੀ ਦੇਖਿਆ ਜਾ ਸਕਦਾ ਹੈ। ਜਾਣਕਾਰੀ ਮੁਤਾਬਕ ਇਹ ਅੱਗ ਇੰਨੀ ਖਤਰਨਾਕ ਹੈ ਕਿ ਇਸ ਦੇ ਆਲੇ-ਦੁਆਲੇ ਦੀਆਂ ਇਮਾਰਤਾਂ 'ਚ ਫੈਲਣ ਦਾ ਖਤਰਾ ਹੈ। ਇਹ ਘਟਨਾ ਸਿਡਨੀ ਸ਼ਹਿਰ ਦੇ ਸਰੀ ਹਿਲਜ਼ ਇਲਾਕੇ ਦੇ ਰੈਂਡਲ ਸਟਰੀਟ 'ਚ ਵਾਪਰੀ। ਇਮਾਰਤ ਦੇ ਆਲੇ-ਦੁਆਲੇ ਦੇ ਰਿਹਾਇਸ਼ੀ ਇਲਾਕਿਆਂ 'ਚ ਅੱਗ ਫੈਲਣ ਦਾ ਖਦਸ਼ਾ ਹੈ। ਫਿਲਹਾਲ 100 ਤੋਂ ਵੱਧ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅਤੇ 20 ਗੱਡੀਆਂ ਮੌਕੇ 'ਤੇ ਅੱਗ ਬੁਝਾਉਣ 'ਚ ਲੱਗੀਆਂ ਹੋਈਆਂ ਹਨ।

## ਇੱਕੋ ਪਰਿਵਾਰ ਦੇ 3 ਲੋਕਾਂ ਦੀ ਸ਼ੱਕੀ ਹਾਲਾਤਾਂ 'ਚ ਮੌਤ

ਵਾਰਾਣਸੀ, 25 ਮਈ (ਪੋਸਟ ਬਿਊਰੋ):ਉੱਤਰ ਪ੍ਰਦੇਸ਼ ਦੇ ਵਾਰਾਣਸੀ ਵਿੱਚ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਮੌਤ ਹੋਣ ਕਾਰਨ ਸਨਸਨੀ ਫੈਲ ਗਈ ਹੈ। ਇਹ ਮਾਮਲਾ ਵਾਰਾਣਸੀ ਦੇ ਦਸ਼ਾਸ਼ਵਮੇਧ ਇਲਾਕੇ ਦਾ ਹੈ। ਇੱਥੇ ਵੀਰਵਾਰ ਨੂੰ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਜਨਾਰਦਨ ਤਿਵਾਰੀ, ਉਸ ਦਾ ਪੁੱਤਰ ਅਸ਼ਵਨੀ ਅਤੇ ਪੋਤਾ ਦੀਪੂ ਮੁਨਸ਼ੀ ਘਾਟ ਦੇ ਬੰਗਾਲੀ ਟੋਲਾ ਵਿਖੇ ਆਪਣੇ ਘਰ ਅੰਦਰ ਮ੍ਰਿਤਕ ਪਾਏ ਗਏ।

ਪੁਲਸ ਨੇ ਦੱਸਿਆ ਕਿ ਸ਼ੱਕ ਹੈ ਕਿ ਤਿੰਨਾਂ ਨੇ ਰਾਤ ਨੂੰ ਜ਼ਹਿਰ ਖਾ ਲਿਆ ਸੀ। ਜਨਾਰਦਨ ਮੁਨਸ਼ੀ ਘਾਟ 'ਤੇ ਚਾਹ ਵੇਚਦਾ ਸੀ। ਦਸ਼ਸ਼ਵਮੇਧ ਦੇ ਸਹਾਇਕ ਪੁਲਿਸ ਕਮਿਸ਼ਨਰ (ਏਸੀਪੀ) ਅਵਧੇਸ਼ ਕੁਮਾਰ ਪਾਂਡੇ ਨੇ ਕਿਹਾ ਕਿ ਪਹਿਲੀ ਨਜ਼ਰੇ ਇਹ ਖੁਦਕੁਸ਼ੀ ਦਾ ਮਾਮਲਾ ਜਾਪਦਾ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਲਈ ਫੋਰੈਂਸਿਕ ਟੀਮ ਬੁਲਾਈ ਗਈ ਹੈ। ਲਾਸ਼ਾਂ ਨੂੰ ਪੋਸਟਮ-ਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦਾ ਕਾਰਨ ਸਪੱਸ਼ਟ ਹੋਵੇਗਾ। ਜਾਣਕਾਰੀ ਮੁਤਾਬਕ ਗਾਜ਼ੀਪੁਰ ਜ਼ਿਲੇ ਦਾ ਰਹਿਣ ਵਾਲਾ ਜਨਾਰਦਨ ਤਿਵਾਰੀ ਵਾਰਾਣਸੀ ਜ਼ਿਲੇ ਦੇ ਦਸ਼ਸ਼ਵਮੇਧ ਥਾਣਾ ਖੇਤਰ ਦੇ ਬੰਗਾਲੀ ਟੋਲਾ ਇਲਾਕੇ 'ਚ ਕਿਰਾਏ 'ਤੇ ਕਮਰਾ ਲੈ ਕੇ ਆਪਣੇ ਦੋ ਪੁੱਤਰਾਂ ਨਾਲ ਰਹਿੰਦਾ ਸੀ।

## ਬ੍ਰਿਟੇਨ ਵਿਚ 140 ਕਰੋੜ 'ਚ ਵਿਕੀ ਟੀਪੂ ਸੁਲਤਾਨ ਦੀ ਤਲਵਾਰ



ਲੰਡਨ, 25 ਮਈ (ਪੋਸਟ ਬਿਊਰੋ):ਮੈਸੂਰ ਦੇ ਸ਼ਾਸਕ ਟੀਪੂ ਸੁਲਤਾਨ ਦੀ ਤਲਵਾਰ ਲੰਡਨ ਵਿੱਚ ਇੱਕ ਨਿਲਾਮੀ ਵਿੱਚ 14 ਮਿਲੀਅਨ ਪੌਂਡ (ਲਗਭਗ 140 ਕਰੋੜ ਰੁਪਏ) ਵਿੱਚ ਵਿਕ ਗਈ। ਨਿਲਾਮੀ ਦਾ ਆਯੋਜਨ ਕਰਨ ਵਾਲੇ ਬੋਨਹੈਮਸ ਨੇ ਕਿਹਾ ਕਿ ਤਲਵਾਰ ਉਮੀਦ ਤੋਂ ਕਈ ਗੁਣਾ ਵੱਧ ਵਿਕ ਗਈ। ਟੀਪੂ ਸੁਲਤਾਨ ਦੀ ਤਲਵਾਰ ਨਿਲਾਮੀ ਦੇ ਸਾਰੇ ਰਿਕਾਰਡ ਤੋੜਦੇ ਹੋਏ ਬ੍ਰਿਟੇਨ ਵਿਚ ਹੁਣ ਤੱਕ ਵਿਕਣ ਵਾਲੀ ਸਭ ਤੋਂ ਮਹਿੰਗੀ ਭਾਰਤੀ ਵਸਤੂ ਬਣ ਗਈ ਹੈ।

ਨਿਲਾਮੀਕਰਤਾ ਉਲੀਵਰ ਵਾਈਟ ਨੇ ਦੱਸਿਆ ਕਿ ਇਹ ਤਲਵਾਰ ਟੀਪੂ ਸੁਲਤਾਨ ਦੇ ਮਹਿਲ ਦੇ ਨਿੱਜੀ ਕਮਰੇ ਤੋਂ ਬਰਾਮਦ ਕੀਤੀ ਗਈ ਹੈ। ਇਹ ਤਲਵਾਰ ਟੀਪੂ ਸੁਲਤਾਨ ਦਾ ਪਸੰਦੀਦਾ ਹਥਿਆਰ ਸੀ। ਟੀਪੂ 18ਵੀਂ ਸਦੀ ਦੇ ਅੰਤ ਵਿੱਚ ਆਪਣੀਆਂ ਮੁਹਿੰਮਾਂ ਲਈ ਮਸ਼ਹੂਰ ਹੋ ਗਏ ਸੀ। 1775 ਅਤੇ 1779 ਦੇ ਵਿਚਕਾਰ, ਟੀਪੂ ਨੇ ਮਰਾਠਾ ਸ਼ਾਸਕਾਂ ਨਾਲ ਲੜਾਈ ਕੀਤੀ। ਇਹ ਤਲਵਾਰ ਟੀਪੂ ਸੁਲਤਾਨ ਦੇ ਸ਼ਸਤਰਖਾਨੇ ਵਿੱਚ ਸਭ ਤੋਂ ਕੀਮਤੀ ਹਥਿਆਰ ਹੈ।

ਨੀਮਾ ਸਾਗਰਚੀ, ਬੋਨਹੈਮਜ਼ ਵਿਖੇ ਇਸਲਾਮਿਕ ਅਤੇ ਭਾਰਤੀ ਕਲਾ ਦੇ ਸਮੂਹ ਮੁਖੀ ਨੇ ਕਿਹਾ: "ਇਸ ਤਲਵਾਰ ਦਾ ਇੱਕ ਅਸਾਧਾਰਨ ਇਤਿਹਾਸ ਅਤੇ ਇੱਕ ਹੈਰਾਨੀਜਨਕ ਮੂਲ ਅਤੇ ਬੇਮਿਸਾਲ ਕਾਰੀਗਰੀ ਹੈ।" ਟੀਪੂ ਸੁਲਤਾਨ ਦੀ ਇਹ ਤਲਵਾਰ 18ਵੀਂ ਸਦੀ ਵਿੱਚ ਬਣੀ ਸੀ ਅਤੇ ਭਾਰਤ ਛੱਡਣ ਵਾਲੇ ਅੰਗਰੇਜ਼ ਇਸਨੂੰ ਆਪਣੇ ਨਾਲ ਲੈ ਗਏ ਸਨ। ਬੋਨਹੈਮਸ ਦੇ ਸੀਈਓ ਬਰੂਨੋ ਵਿਨਸੀਗੁਏਰਾ ਨੇ ਕਿਹਾ ਕਿ ਇਹ ਸਭ ਤੋਂ ਅਦਭੁਤ ਵਸਤੂਆਂ ਵਿੱਚੋਂ ਇੱਕ ਹੈ ਜੋ ਬੋਨਹੈਮਸ ਨੂੰ ਨਿਲਾਮੀ ਵਿੱਚ ਲਿਆਉਣ ਦਾ ਸਨਮਾਨ ਮਿਲਿਆ ਹੈ।

# ਨਵੇਂ ਸੰਸਦ ਭਵਨ ਦੇ ਉਦਘਾਟਨ ਸਮਾਰੋਹ ਦਾ ਕਈ ਦਲਾਂ ਵਲੋਂ ਵਿਰੋਧ, ਸ਼ਾਮਲ ਹੋਣਗੀਆਂ 25 ਸਿਆਸੀ ਪਾਰਟੀਆਂ



ਨਵੀਂ ਦਿੱਲੀ, 25 ਮਈ (ਪੋਸਟ ਬਿਊਰੋ):ਵਿਰੋਧੀ ਧਿਰ ਦੇ ਬਾਈਕਾਟ ਦੇ ਸੱਦੇ ਦੇ ਵਿਚਕਾਰ 28 ਮਈ ਨੂੰ ਨਵੀਂ ਸੰਸਦ ਭਵਨ ਦੇ ਉਦਘਾਟਨ ਸਮਾਰੋਹ ਵਿੱਚ 25 ਸਿਆਸੀ ਪਾਰਟੀਆਂ ਹਿੱਸਾ ਲੈਣਗੀਆਂ। ਇਨ੍ਹਾਂ ਵਿੱਚੋਂ ਕਰੀਬ ਸੱਤ ਪਾਰਟੀਆਂ ਕੌਮੀ ਜਮਹੂਰੀ ਗਠਜੋੜ (ਐਨਡੀਏ) ਦਾ ਹਿੱਸਾ ਨਹੀਂ ਹਨ। ਬੀਜੇਪੀ ਤੋਂ ਇਲਾਵਾ ਐਨਡੀਏ ਦੀਆਂ ਕਈ ਪਾਰਟੀਆਂ, ਜਿਨ੍ਹਾਂ ਵਿੱਚ ਅੰਨਾਡੀਐਮਕੇ, ਅਪਨਾ ਦਲ, ਰਿਪ-ਬਲਿਕਨ ਪਾਰਟੀ ਆਫ ਇੰਡੀਆ, ਸ਼ਿਵ ਸੈਨਾ ਦੇ ਸ਼ਿੰਦੇ ਧੜੇ, ਨੈਸ਼ਨਲ ਪੀਪਲਜ਼ ਪਾਰਟੀ (ਐਨਪੀਪੀ) ਅਤੇ ਨਾਗਾ ਪੀਪਲਜ਼ ਫਰੰਟ (ਐਨਪੀਐਫ) ਨੇ ਸਮਾਰੋਹ ਵਿੱਚ ਸ਼ਾਮਲ ਹੋਣ ਦੀ ਪੁਸ਼ਟੀ ਕੀਤੀ ਹੈ। ਬੀਜੂ ਜਨਤਾ ਦਲ, ਤੇਲਗੂ ਦੇਸ਼ਮ ਪਾਰਟੀ ਅਤੇ ਯੁਵਜਨ ਸ਼੍ਰਮਿਕ ਰਾਇਥੂ ਕਾਂਗਰਸ ਪਾਰਟੀ ਸਮੇਤ ਕਈ ਨਿਰਪੱਖ ਪਾਰਟੀਆਂ ਉਦਘਾਟਨ ਲਈ ਮੌਜੂਦ ਰਹਿਣਗੀਆਂ। ਐਤਵਾਰ ਦੇ ਸਮਾਗਮ ਵਿੱਚ ਵਿਰੋਧੀ ਪਾਰਟੀਆਂ ਸ਼੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜਵਾਦੀ ਪਾਰਟੀ ਅਤੇ ਜੇਡੀਐਸ ਵੀ ਹਿੱਸਾ ਲੈਣਗੀਆਂ। ਇਹ ਐਲਾਨ ਕਾਂਗਰਸ ਸਮੇਤ 19 ਵਿਰੋਧੀ ਪਾਰਟੀਆਂ ਵੱਲੋਂ ਸੰਸਦ ਭਵਨ ਦੇ ਉਦਘਾਟਨ ਦੇ ਬਾਈਕਾਟ ਦੇ ਐਲਾਨ ਤੋਂ ਬਾਅਦ ਆਇਆ ਹੈ।

ਸੂਤਰਾਂ ਅਨੁਸਾਰ 28 ਮਈ ਨੂੰ ਸਵੇਰੇ ਇਕ ਵਿਸ਼ਾਲ ਸਮਾਗਮ ਹੋਵੇਗਾ, ਜਿਸ ਵਿਚ ਸਵੇਰੇ 7:30 ਵਜੇ ਤੋਂ ਵੈਦਿਕ ਰਸਮ ਸ਼ੁਰੂ ਹੋਵੇਗੀ। ਕਰੀਬ 9 ਵਜੇ ਤੱਕ ਪੂਜਾ ਜਾਰੀ ਰਹੇਗੀ। ਇਸ ਤੋਂ ਬਾਅਦ ਦੁਪਹਿਰ ਨੂੰ ਉਦਘਾਟਨੀ ਸਮਾਰੋਹ ਸ਼ੁਰੂ ਹੋਣ ਦੀ ਉਮੀਦ ਹੈ। ਇਸ ਦੌਰਾਨ ਪੀਐਮ ਮੋਦੀ ਤੋਂ ਇਲਾਵਾ ਲੋਕ ਸਭਾ ਸਪੀਕਰ ਉਮ ਬਿਰਲਾ, ਰਾਜ ਸਭਾ ਦੇ ਉਪ ਚੇਅਰਮੈਨ ਅਤੇ ਸਰਕਾਰ ਦੇ ਮੰਤਰੀ ਮੌਜੂਦ ਰਹਿਣਗੇ। ਸੂਤਰਾਂ ਦੀ ਮੰਨੀਏ ਤਾਂ ਦੇਸ਼ ਭਰ ਤੋਂ ਵਿਸ਼ੇਸ਼ ਪੁਜਾਰੀ ਆ ਕੇ ਪੂਜਾ ਕਰਨਗੇ।

REXDALE BODY SHOP
USED CAR SALE

CHEEMA
LOWEST PRICE IN TOWN
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

ਜ਼ਰੂਰੀ ਬੇਨਤੀ

ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਆਖੰਡ ਪਾਠ ਸਾਹਿਬ ਦਾ ਭੋਗ ੧ਓ

ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦਵਾਰਾ ਸਾਹਿਬ ਵਿਖੇ 26 ਮਈ ਦਿਨ ਸ਼ੁਕਰਵਾਰ ਨੂੰ ਸਵੇਰੇ 11 ਵਜ੍ਹੇ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 28 ਮਈ ਦਿਨ ਐਤਵਾਰ ਨੂੰ ਸਵੇਰ 11 ਵਜ੍ਹੇ ਭੋਗ ਪਾਏ ਜਾਣਗੇ । ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਹੁੰਮ-ਹਮਾਕੇ ਪਹੁੰਚਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈਂ।

ਵਧੇਰੇ ਜਾਣਕਾਰੀ ਲਈ ਹੇਠ ਲਿਖੇ ਫੋਨ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ:

ਧਰਮਿੰਦਰ ਸਿੰਘ ਸੂਚ 416-879-6824

ਪਰਮਜੀਤ ਸਿੰਘ ਸੂਚ 416-873-7508

ਸਰਬਜੀਤ ਸਿੰਘ ਸੂਚ 416-357-7667

ਗੁਰਮੇਲ ਸਿੰਘ ਸੂਚ 905-814-0756

ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਸਮਾਗਮ 2023



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੇਂਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.


Ph:905-456-3232

JAG AUJLA 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT

# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist


New Patients welcome
Deal Directly with all Insurance Companies

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






# Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ




Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017